



ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ, 10 ਜਨਵਰੀ 2025

Email:- lokbani08@gmail.com






R. N. I. Punpun/29016/2008 * ਸਾਲ 16 , * ਅੰਕ : 209, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫ਼ਤਰ : 0181-2211009 * M : 99155-94111



ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ


ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111


## ਕੈਨੇਡਾ ਦੇ ਕੈਲੀਫੋਰਨੀਆ ਦੇ ਜੰਗਲਾਂ ਵਿੱਚ ਲੱਗੀ ਭਿਆਨਕ ਅੱਗ



ਕੈਲੀਫੋਰਨੀਆ, ਲੋਕ ਬਾਣੀ- ਦੱਖਣੀ ਕੈਲੀਫੋਰਨੀਆ ਵਿੱਚ ਫੈਲੀ ਵਿਨਾਸ਼ਕਾਰੀ ਜੰਗਲੀ ਅੱਗ ਤੋਂ ਬਾਅਦ ਮਰਨ ਵਾਲਿਆਂ ਦੀ ਗਿਣਤੀ ਪੰਜ ਹੋ ਗਈ ਹੈ। ਦ ਨਿਊਯਾਰਕ ਟਾਈਮਜ਼ ਨੇ ਇਸ ਸਬੰਧੀ ਰਿਪੋਰਟ ਜਾਰੀ ਕੀਤੀ ਹੈ। ਲਾਸ ਏਂਜਲਸ ਕਾਉਂਟੀ ਸ਼ੈਰਿਫ ਵਿਭਾਗ ਦੀ ਬੁਲਾਰੇ ਨਿਕੋਲ ਨਿਸ਼ੀਦਾ ਨੇ ਬੁੱਧਵਾਰ ਦੁਪਹਿਰ ਨੂੰ ਪੁਸ਼ਟੀ ਕੀਤੀ ਕਿ ਪੰਜ ਲੋਕਾਂ ਦੀ ਮੌਤ ਹੋ ਗਈ ਹੈ। ਨਿਸ਼ਿਦਾ ਨੇ ਅੱਗੇ ਦੱਸਿਆ ਕਿ ਅੱਗ ਕਾਰਨ 25,000 ਏਕੜ ਤੋਂ ਵੱਧ ਸੜ ਚੁੱਕੀ ਹੈ। poweroutage.us ਦੇ ਅਨੁਸਾਰ ਲਾਸ ਏਂਜਲਸ ਕਾਉਂਟੀ ਵਿੱਚ ਬੁੱਧਵਾਰ ਦੁਪਹਿਰ ਤੱਕ 1.5 ਮਿਲੀਅਨ ਲੋਕ ਬਿਜਲੀ ਤੋਂ ਬਿਨਾਂ ਰਹਿਣ ਲਈ ਮਜਬੂਰ ਸਨ। ਇਸ ਤੋਂ ਪਹਿਲਾਂ ਮਰਨ ਵਾਲਿਆਂ ਦੀ ਗਿਣਤੀ ਦੋ ਸੀ।

## ਨਿੱਝਰ ਕਤਲ ਮਾਮਲੇ ਵਿੱਚ ਕੈਨੇਡੀਅਨ ਸੁਪਰੀਮ ਕੋਰਟ ਨੇ ਤਿੰਨ ਵਿਅਕਤੀਆਂ ਨੂੰ ਦਿੱਤੀ ਜਮਾਨਤ



ਚੰਡੀਗੜ੍ਹ, ਲੋਕ ਬਾਣੀ- ਖ਼ਾਲਿਸਤਾਨ ਦੇ ਹਮਾਇਤੀ ਹਰਦੀਪ ਸਿੰਘ ਨਿੱਝਰ (Hardeep Singh Nijjar) ਦੇ ਕਤਲ ਕੇਸ ਨਾਲ ਸਬੰਧਤ ਚਾਰ ਮੁਲਜ਼ਮਾਂ ਨੂੰ ਕੈਨੇਡੀਅਨ ਸੁਪਰੀਮ ਕੋਰਟ (Canadian Supreme Court) ਨੇ ਜ਼ਮਾਨਤ ਦੇ ਦਿੱਤੀ ਹੈ। ਅਦਾਲਤ ਨੇ ਉਨ੍ਹਾਂ ਦੀ ਰਿਹਾਈ ਦਾ ਹੁਕਮ ਵੀ ਜਾਰੀ ਕਰ ਦਿੱਤਾ ਹੈ। ਇਕ ਰਿਪੋਰਟ ਮੁਤਾਬਕ ਕੈਨੇਡਾ ਦੀ ਸੁਪਰੀਮ ਕੋਰਟ ਨੇ ਵੀਰਵਾਰ ਨੂੰ ਹਰਦੀਪ ਸਿੰਘ ਨਿੱਝਰ ਦੇ ਕਤਲ ਕੇਸ ਵਿੱਚ ਕੈਨੇਡਾ 'ਚ ਗ੍ਰਿਫ਼ਤਾਰ ਚਾਰ ਭਾਰਤੀਆਂ ਨੂੰ ਜ਼ਮਾਨਤ ਦੇ ਦਿੱਤੀ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ 11 ਫਰਵਰੀ ਨੂੰ ਬ੍ਰਿਟਿਸ਼ ਕੋਲੰਬੀਆ ਸੁਪਰੀਮ ਕੋਰਟ (British Columbia Supreme Court) ਵਿੱਚ ਹੋਵੇਗੀ। ਗ਼ੌਰਤਲਬ ਹੈ ਕਿ ਹਰਦੀਪ ਸਿੰਘ ਨਿੱਝਰ ਨੂੰ ਭਾਰਤ ਨੇ ਦਹਿਸ਼ਤਗਰਦ ਐਲਾਨਿਆ ਹੋਇਆ ਸੀ।

## ਯੂ.ਪੀ ਚ ਜੇਲਰ ਖਿਲਾਫ ਜਬਰ ਜ਼ਨਾਹ ਦਾ ਮਾਮਲਾ ਦਰਜ



ਬਾਗਪਤ ਲੋਕ ਬਾਣੀ- ਯੂਪੀ ਦੇ ਬਾਗਪਤ ਜ਼ਿਲ੍ਹੇ ਦੀ ਜ਼ਿਲ੍ਹਾ ਜੇਲ੍ਹ ਵਿੱਚ ਤਾਇਨਾਤ ਇੱਕ ਮਹਿਲਾ ਅਧਿਕਾਰੀ ਵੱਲੋਂ ਕੀਤੀ ਗਈ ਸ਼ਿਕਾਇਤ ਤੋਂ ਬਾਅਦ ਬਾਗਪਤ ਜ਼ਿਲ੍ਹਾ ਜੇਲ੍ਹ ਦੇ ਸਾਬਕਾ ਜੇਲ੍ਹਰ ਵਿਰੁੱਧ ਬਲਾਤਕਾਰ ਦੀ ਕੋਸ਼ਿਸ਼ ਦਾ ਕੇਸ ਦਰਜ ਕੀਤਾ ਗਿਆ ਹੈ। ਇਹ ਜਾਣਕਾਰੀ ਅਧਿਕਾਰੀਆਂ ਨੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੁਲੀਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ, ਪਰ ਮੁਲਜ਼ਮ ਜਿਤੇਂਦਰ ਕਸ਼ਿਅਪ ਨੂੰ ਅਜੇ ਤੱਕ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਖੇਖੜਾ ਸਟੇਸ਼ਨ ਥਾਣੇ ਦੇ ਐਸਐਚਓ ਕੈਲਾਸ਼ ਚੰਦਰ ਨੇ ਕਿਹਾ, ਮਹਿਲਾ ਜੇਲ੍ਹ ਅਧਿਕਾਰੀ ਵੱਲੋਂ ਦਰਜ ਕਰਵਾਈ ਗਈ ਲਿਖਤੀ ਸ਼ਿਕਾਇਤ ਦੇ ਆਧਾਰ 'ਤੇ ਅਸੀਂ ਮੰਗਲਵਾਰ ਨੂੰ ਕੇਸ ਦਰਜ ਕਰ ਲਿਆ ਹੈ।

## ਸੂਬੇ ਵਿਚ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਸ਼ਰੇਆਮ ਚੱਲੀਆਂ ਗੋਲੀਆਂ




ਤਰਨਤਾਰਨ, ਲੋਕ ਬਾਣੀ- ਗੁਰੂ ਕਾ ਖ਼ੂਹ ਚੌਂਕ ਤਰਨਤਾਰਨ ਵਿਖੇ ਚਾਰ ਵਿਅਕਤੀਆਂ ਨੇ ਗੋਲੀਆਂ ਮਾਰ ਕੇ ਇਕ ਵਿਅਕਤੀ ਨੂੰ ਗੰਭੀਰ ਰੂਪ ਵਿਚ ਜ਼ਖ਼ਮੀ ਕਰ ਦਿੱਤਾ, ਜਿਸ ਨੂੰ ਤਰਨਤਾਰਨ ਦੇ ਸਰਕਾਰੀ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ। ਜ਼ਖ਼ਮੀ ਵਿਅਕਤੀ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਐਸ.ਪੀ.ਡੀ. ਅਜੈਰਾਜ ਸਿੰਘ, ਡੀ.ਐਸ.ਪੀ. ਕਮਲਮੀਤ ਸਿੰਘ ਮੌਕੇ 'ਤੇ ਪਹੁੰਚ ਗਏ। ਜ਼ਖ਼ਮੀ ਵਿਅਕਤੀ ਕਮਲਜੀਤ ਸਿੰਘ ਨੇ ਦੱਸਿਆ ਕਿ ਉਹ ਕਚਹਿਰੀ ਤੋਂ ਵਾਪਸ ਆਪਣੇ ਘਰ ਆ ਰਿਹਾ ਸੀ ਤਾਂ ਰਸਤੇ ਵਿਚ ਹੀ ਮੋਟਰਸਾਈਕਲ 'ਤੇ ਆਏ ਤੋਤਾ, ਵਿਨੈ, ਬੰਤ ਅਤੇ ਮੁਰਾਦਪੁਰਾ ਦੇ ਰਹਿਣ ਵਾਲੇ ਇਕ ਵਿਅਕਤੀ ਨੇ ਉਸ ਨੂੰ ਗੋਲੀਆਂ ਮਾਰ ਕੇ ਜ਼ਖਮੀ ਕਰ ਦਿੱਤਾ। ਜ਼ਖ਼ਮੀ ਵਿਅਕਤੀ ਦੀ ਹਾਲਤ ਚਿੰਤਾਜਨਕ ਦੱਸੀ ਜਾ ਰਹੀ ਹੈ।

## ਗਲਾਡਾ ਦੀ ਮਹਿਲਾ ਕਲਰਕ ਨੂੰ ਵਿਜੀਲੈਂਸ ਨੇ ਕੀਤਾ ਕਾਬੂ



ਲੁਧਿਆਣਾ, ਸੁਖਚੈਨ ਮਹਿਰਾ--ਵਿਜੀਲੈਂਸ ਬਿਊਰੋ ਨੇ ਗਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਲੁਧਿਆਣਾ ਵਿਖੇ ਤਾਇਨਾਤ ਕਲਰਕ (ਫਰੰਟ ਡੈਸਕ ਐਗਜ਼ੀਕਿਊਟਿਵ) ਅਨਿਕਸ਼ਾ ਦੇਵੀ ਨੂੰ ਗੂਗਲ ਪੇ ਰਾਹੀਂ 1500 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ। ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਅਭਿਜੀਤ ਸਿੰਘ ਵਰਮਾ ਵਾਸੀ ਨਿਊ ਦੀਪ ਨਗਰ ਵਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਪੜਤਾਲ ਉਪਰੰਤ ਦੋਸ਼ੀ ਅਨਿਕਸ਼ਾ ਦੇਵੀ ਵਾਸੀ ਦਸਮੇਸ਼ ਨਗਰ, ਪਿੰਡ ਇਯਾਲੀ ਖ਼ੁਰਦ, ਲੁਧਿਆਣਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

## ਪੰਜਾਬ ਵਿੱਚ ਵਾਪਰੀਆਂ ਸੜਕ ਹਾਦਸਾ ਦੋ ਦੀ ਹੋਈ ਮੌਤ



ਫ਼ਤਹਿਗੜ੍ਹ ਸਾਹਿਬ, ਲੋਕ ਬਾਣੀ -ਨਜ਼ਦੀਕੀ ਰਿਸ਼ਤੇਦਾਰ ਦੇ ਕੀਰਤਪੁਰ ਸਾਹਿਬ ਫੁੱਲ ਤਾਰਨ ਜਾ ਰਹੇ ਵਿਅਕਤੀਆਂ ਦੀ ਸੜਕ ਹਾਦਸੇ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ। ਫਤਿਹਗੜ੍ਹ ਸਾਹਿਬ ਦੇ ਪਿੰਡ ਜੱਲਾ ਨੇੜੇ ਧੁੰਦ ਕਾਰਨ ਵਾਪਰੇ ਭਿਆਨਕ ਹਾਦਸੇ ਦੌਰਾਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਹੈ ਜਦੋਂ ਕਿ ਉਨ੍ਹਾਂ ਦੇ ਨਾਲ ਮੌਜੂਦ ਜ਼ਖ਼ਮੀ ਹੋਏ ਹੋਰ ਦੋ ਵਿਅਕਤੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਫਤਿਹਗੜ੍ਹ ਸਾਹਿਬ ਵਿਖੇ ਦਾਖਲ ਕਰਵਾਇਆ ਗਿਆ ਹੈ।

## ਜੰਮੂ ਕਸ਼ਮੀਰ ਵਿਚ ਸੁਰੱਖਿਆ ਬਲਾਂ ਨੇ ਤਿੰਨ ਅੱਤਵਾਦੀ ਕੀਤੇ ਕਾਬੂ




ਕੁਲਗਾਮ (ਜੰਮੂ-ਕਸ਼ਮੀਰ), ਲੋਕ ਬਾਣੀ-ਕੁਲਗਾਮ ਪੁਲਿਸ ਨੇ ਫੌਜ ਅਤੇ ਸੀ.ਆਰ.ਪੀ.ਐਫ. ਨਾਲ ਮਿਲ ਕੇ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਦੇ ਤਿੰਨ ਅੱਤਵਾਦੀ ਸਾਥੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਨ੍ਹਾਂ ਵਿਚ ਉਬੈਦ ਖੁਰਸ਼ੀਦ ਖਾਂਡੇ ਪੁੱਤਰ ਖੁਰਸ਼ੀਦ ਅਹਿਮਦ ਖਾਂਡੇ, ਮਕਸੂਦ ਅਹਿਮਦ ਭੱਟ ਪੁੱਤਰ ਮੁਹੰਮਦ ਰਮਜ਼ਾਨ ਭੱਟ ਅਤੇ ਉਮਰ ਬਸ਼ੀਰ ਪੁੱਤਰ ਬਸ਼ੀਰ ਅਹਿਮਦ ਡਾਰ ਸ਼ਾਮਿਲ ਹਨ। ਉਨ੍ਹਾਂ ਤੋਂ ਦੋ ਏ.ਕੇ.-ਸੀਰੀਜ਼ ਰਾਈਫਲਾਂ, ਅੱਠ ਏ.ਕੇ.-ਸੀਰੀਜ਼ ਮੈਗਜ਼ੀਨ, 217 ਏ.ਕੇ. ਰਾਊਂਡ, ਪੰਜ ਹੈਂਡ ਗ੍ਰਨੇਡ ਅਤੇ ਦੋ ਮੈਗਜ਼ੀਨ ਬਰਾਮਦ ਕੀਤੇ ਹਨ।

## ਪੈਨਸ਼ਨਰਜ਼ ਐਸੋਸੀਏਸ਼ਨ ਦੇ ਜਲੰਧਰ ਸਰਕਲ ਵੱਲੋਂ ਕਨਵੈਨਸ਼ਨ




ਜਲੰਧਰ, ਲੋਕ ਬਾਣੀ --ਪੰਜਾਬ ਰਾਜ ਪਾਵਰ ਅਤੇ ਟਰਾਂਸਮਿਸ਼ਨ ਕਾਰਪੋਰੇਸ਼ਨ ਦੀ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜਲੰਧਰ ਸਰਕਲ ਦੀ ਕਨਵੈਨਸ਼ਨ ਸਰਕਲ ਪ੍ਰਧਾਨ ਅਤੇ ਸੂਬਾ ਮੀਤ ਪ੍ਰਧਾਨ ਸ਼ਿਰੀ ਰਾਮ ਜੱਗੀ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਵਿੱਚ ਕੀਤੀ ਗਈ। ਇਸ ਮੌਕੇ ਸੂਬਾ ਕਮੇਟੀ ਦੇ ਉਪ ਜਨਰਲ ਸਕੱਤਰ ਸ਼ਿਵ ਕੁਮਾਰ ਤਿਵਾੜੀ ਉਚੇਚੇ ਤੌਰ 'ਤੇ ਪਹੁੰਚੇ। ਕਨਵੈਨਸ਼ਨ ਵਿੱਚ ਜਲੰਧਰ ਦੀਆਂ ਡਿਵੀਜ਼ਨਾਂ ਮਾਡਲ ਟਾਊਨ, ਪੂਰਬ ਮੰਡਲ, ਪੱਛਮ ਮੰਡਲ, ਕੈਂਟ ਮੰਡਲ ਅਤੇ ਫਗਵਾੜਾ ਮੰਡਲ ਦੇ ਸੈਂਕੜੇ ਪੈਨਸ਼ਨਰ ਸ਼ਾਮਲ ਹੋਏ। ਸਭ ਤੋਂ ਪਹਿਲਾਂ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕਰਨ ਤੋਂ ਬਾਅਦ ਬੁਲਾਰਿਆਂ ਨੇ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ-ਮਸਲਿਆਂ ਬਾਰੇ ਚਰਚਾ ਕੀਤੀ।






# ਮੋਗਾ ਦੀ ਕਿਸਾਨ ਮਹਾਂ ਪੰਚਾਇਤ ਲਈ ਮਾਲਵਾ ਖੇਤਰ ਦੇ ਸਾਰੇ ਜ਼ਿਲ੍ਹਿਆਂ 'ਚ ਭਾਰੀ ਉਤਸ਼ਾਹ-ਰੁਲਦੂ ਸਿੰਘ

ਮਾਨਸਾ, (ਲੋਕ ਬਾਣੀ) ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 9 ਜਨਵਰੀ ਨੂੰ ਮੋਗਾ ਵਿਖੇ ਹੋ ਰਹੀ ਕਿਸਾਨ ਮਹਾਂ ਪੰਚਾਇਤ ਲਈ ਮਾਲਵਾ ਖੇਤਰ ਦੇ ਸਾਰੇ ਜ਼ਿਲ੍ਹਿਆਂ ਵਿੱਚ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ ਕਰਨ ਦਾ ਦਾਅਵਾ ਕੀਤਾ ਗਿਆ ਹੈ। ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਅਤੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਦਾ ਕਹਿਣਾ ਹੈ ਕਿ ਇਸ ਮਹਾਂ ਪੰਚਾਇਤ ਲਈ ਸਭ ਤਰ੍ਹਾਂ ਦੇ ਬੰਦੋਬਸ਼ਤ ਸੰਪੂਰਨ ਹੋਣ ਦੀਆਂ ਰਿਪੋਰਟਾਂ ਸਾਰੀਆਂ ਜਥੇਬੰਦੀਆਂ ਦੇ ਸੂਬਾ ਪ੍ਰਧਾਨਾਂ ਵੱਲੋਂ ਸਾਂਝੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਮਹਾਂ ਪੰਚਾਇਤ ਦੌਰਾਨ ਵੱਖ-ਵੱਖ ਜਥੇਬੰਦੀਆਂ ਦੀਆਂ ਲੰਗਰ,ਚਾਹ,ਪੰਡਾਲ,ਸਪੀਕਰ,ਬਿਜਲੀ,ਪਾਣੀ ਦੀਆਂ ਡਿਊਟੀਆਂ ਸਾਂਭੀਆਂ ਹੋਈਆਂ ਹਨ, ਜਿਸ ਲਈ ਅੱਜ ਸ਼ਾਮ ਨੂੰ ਪ੍ਰਬੰਧਕਾਂ ਵੱਲੋਂ ਹਾਮੀ ਭਰੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਮਹਾਂ ਪੰਚਾਇਤ ਵਿੱਚ ਇੱਕ ਲੱਖ ਤੋਂ ਵੱਧ ਕਿਸਾਨਾਂ,ਮਜ਼ਦੂਰਾਂ,ਨੌਜ਼ਵਾਨਾਂ ਅਤੇ ਬੀਬੀਆਂ ਦੇ ਬੈਠਣ ਦਾ ਬੰਦੋਬਸ਼ਤ ਕੀਤਾ ਗਿਆ ਹੈ ਅਤੇ ਐਨੇ ਲੋਕਾਂ ਲਈ ਹੀ ਚਾਹ-ਪਾਣੀ ਅਤੇ ਲੰਗਰ ਦੇ ਥਾਂ-ਥਾਂ 'ਤੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਠੰਡ ਦਾ ਮੌਸਮ ਹੋਣ ਕਾਰਨ ਕਿਸਾਨਾਂ ਨੂੰ ਬੱਸਾਂ,ਵੈਨਾਂ,ਜੀਪਾਂ,ਕਾਰਾਂ ਅਤੇ ਹੋਰ ਆਪੋ-ਆਪਣੇ ਸਾਧਨਾਂ ਰਾਹੀਂ ਆਉਣ ਲਈ ਵਿਸ਼ੇਸ ਤੌਰ 'ਤੇ ਪ੍ਰੇਰਿਆ ਗਿਆ ਹੈ।



ਅੱਜ ਦੇਰ ਸ਼ਾਮ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂ ਰੁਲਦੂ ਸਿੰਘ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੀ ਇਸ ਮਹਾਂ ਪੰਚਾਇਤ ਵਿੱਚ ਖੇਤੀ ਖਰੜਾ ਨੀਤੀ ਨੂੰ ਰੱਦ ਕਰਨ ਲਈ ਹਰ ਤਰ੍ਹਾਂ ਦੀ ਕੁਰਬਾਨੀ ਦੇਣ ਦਾ ਕਿਸਾਨਾਂ ਨੂੰ ਜਥੇਬੰਦਕ ਆਗੂਆਂ ਵੱਲੋਂ ਭਰੋਸਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਮਹਾਂ ਪੰਚਾਇਤ ਨਵੀਂ ਖੇਤੀ ਖਰੜੇ ਸਮੇਤ ਕੇਂਦਰ ਸਰਕਾਰ ਵੱਲੋਂ ਰੋਕੀਆਂ ਹੋਈਆਂ ਕਿਸਾਨਾਂ ਦੀਆਂ ਮੰਗਾਂ ਲਈ ਸੰਘਰਸ਼ ਨੂੰ ਹੋਰ ਪੱਕੇ ਪੈਰੀਂ ਕਰਨ ਦਾ ਨਿਰੰਤਰ ਹੋਕਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਹਾਂ ਪੰਚਾਇਤ ਪੰਜਾਬ, ਹਰਿਆਣਾ ਅਤੇ ਦੇਸ਼ ਦੇ ਹੋਰਨਾਂ ਸੂਬਿਆਂ ਦੇ ਕਿਸਾਨਾਂ ਨੂੰ ਆਪਣੀਆਂ ਮੰਗਾਂ ਮੰਨਵਾਉਣ ਲਈ ਕੇਂਦਰ ਸਰਕਾਰ ਨੂੰ ਘੇਰਨ ਵਾਸਤੇ ਨਵੇਂ ਤਰ੍ਹਾਂ ਦੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦੇਵੇਗੀ। ਉਨ੍ਹਾਂ ਕਿਹਾ ਕਿ ਤਿੰਨ ਕਾਲੇ ਖੇਤੀ ਕਾਨੂੰਨਾਂ ਵਾਂਗ ਖੇਤੀ ਮੰਡੀ ਨੀਤੀ ਖਰੜਾ ਸੰਘਰਸ਼ ਵਿੱਚ ਵੀ ਕਿਸਾਨਾਂ ਦੀ ਜਿੱਤ ਹੋਵੇਗੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪਹਿਲਾਂ ਵਾਂਗ ਮੂੰਹ ਦੀ ਖਾਣੀ ਪਵੇਗੀ। ਉਨ੍ਹਾਂ ਕਿਹਾ ਕਿ ਆਪਣੀਆਂ ਮੰਗਾਂ ਲਈ ਦੇਸ਼ ਭਰ ਦੇ ਕਿਸਾਨ ਆਗੂ ਅਡੋਲ ਖੜ੍ਹੇ ਹਨ ਅਤੇ ਕੇਂਦਰ ਸਰਕਾਰ ਉਨ੍ਹਾਂ ਨੂੰ ਪਾਟਣ ਲਈ ਬੇਸ਼ੱਕ ਲੱਖ ਉਪਰਾਲੇ ਕਰ ਰਹੀ ਹੈ।

ਕਿਸਾਨ ਆਗੂ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਨੂੰ ਜੇਕਰ ਕੁੱਝ ਹੋ ਜਾਂਦਾ ਹੈ ਤਾਂ ਇਸ ਦੀ ਸਾਰੀ ਜਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ ਅਤੇ ਕੇਂਦਰ ਵਿਰੁੱਧ ਦੁਨੀਆ ਭਰ 'ਚੋਂ ਲੋਕਾਂ ਦਾ ਰੋਹ ਪਹਿਲਾਂ ਵਰਗੇ ਕਿਸਾਨ ਅੰਦੋਲਨ ਵਾਂਗ ਪ੍ਰਾਪਤ ਹੋਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਖਿਲਾਫ਼ ਕਿਸਾਨਾਂ ਦੀ ਲੜਾਈ ਦਿਨੋ-ਦਿਨ ਤੇਜ਼ ਹੁੰਦੀ ਜਾ ਰਹੀ ਹੈ।

# ਸ਼੍ਰੋਮਣੀ ਅਕਾਲੀ ਦਲ ਨੇ 10 ਜਨਵਰੀ ਨੂੰ ਸੱਦੀ ਵਰਕਿੰਗ ਕਮੇਟੀ ਦੀ ਮੀਟਿੰਗ



ਚੰਡੀਗੜ੍ਹ-(ਲੋਕ ਬਾਣੀ) ਸ਼੍ਰੋਮਣੀ ਅਕਾਲੀ ਦਲ ਨੇ 10 ਜਨਵਰੀ ਨੂੰ ਵਰਕਿੰਗ ਕਮੇਟੀ ਦੀ ਮੀਟਿੰਗ ਸੱਦੀ ਹੈ। ਇਸ ਦੀ ਜਾਣਕਾਰੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਤੇ ਦਿੱਤੀ ਹੈ। ਉਨ੍ਹਾਂ ਲਿਖਿਆ, 'ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੇ ਪਾਰਟੀ ਦੀ ਵਰਕਿੰਗ ਕਮੇਟੀ ਦੀ ਮੀਟਿੰਗ 10 ਜਨਵਰੀ ਨੂੰ ਬਾਅਦ ਦੁਪਹਿਰ 3 ਵਜੇ ਪਾਰਟੀ ਦੇ ਮੁੱਖ ਦਫ਼ਤਰ ਚੰਡੀਗੜ੍ਹ ਵਿਖੇ ਬੁਲਾਈ ਹੈ।ਦਲਜੀਤ ਸਿੰਘ ਚੀਮਾ ਅਨੁਸਾਰ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਦਿੱਤੇ ਪੈਂਡਿੰਗ ਅਸਤੀਫ਼ੇ ਬਾਰੇ ਫ਼ੈਸਲਾ ਕੀਤਾ ਜਾਵੇਗਾ। ਇਹ ਤਾਜ਼ਾ ਸੰਗਠਨ ਚੋਣਾਂ ਲਈ ਮੈਂਬਰਸ਼ਿਪ ਮੁਹਿਮ ਦੇ ਕਾਰਜਕ੍ਰਮ ਦਾ ਵੀ ਐਲਾਨ ਕਰੇਗਾ। ਇਸ ਤੋਂ ਇਲਾਵਾ ਸੂਬੇ ਦੇ ਸਾਰੇ ਅਹਿਮ ਮੁੱਦਿਆਂ ਤੇ ਚਰਚਾ ਕੀਤੀ ਜਾਵੇਗੀ।

# ਸਮਾਜ ਦੇ ਸਾਰੇ ਵਰਗਾਂ ਦੇ ਸਾਂਝੇ ਯਤਨ ਨਸ਼ਿਆਂ ਵਿਰੁੱਧ ਜੰਗ ਜਿੱਤਣ ਲਈ ਮਹੱਤਵਪੂਰਨ: ਰਾਜਪਾਲ ਗੁਲਾਬ ਚੰਦ ਕਟਾਰੀਆ

ਚੰਡੀਗੜ੍ਹ(ਲੋਕ ਬਾਣੀ): ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਪੰਜਾਬ ਰਾਜ ਭਵਨ ਵਿਖੇ ਜੋਸ਼ੀ ਫਾਊਂਡੇਸ਼ਨ, ਖੰਨਾ ਫਾਊਂਡੇਸ਼ਨ, ਗਰੇਵਾਲ ਫਾਊਂਡੇਸ਼ਨ ਅਤੇ ਸੈਂਪਲਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਪੰਜਾਬ ਦੇ ਸਿੱਖਿਆ ਸ਼ਾਸਤਰੀਆਂ ਨਾਲ ਨਸ਼ਿਆਂ ਬਾਰੇ ਜਾਗਰੂਕਤਾ ਵਿਸ਼ੇ 'ਤੇ ਵਿਚਾਰ-ਵਟਾਂਦਰਾ ਕਰਵਾਇਆ ਗਿਆ।



ਸਮਾਗਮ ਦੌਰਾਨ ਲਗਭਗ 50 ਯੂਨੀਵਰਸਿਟੀਆਂ, ਸਕੂਲਾਂ ਅਤੇ ਹੋਰ ਉੱਚ ਸਿੱਖਿਆ ਸੰਸਥਾਵਾਂ ਦੇ ਸਿੱਖਿਆ ਸ਼ਾਸਤਰੀਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਪੰਜਾਬ ਵਿੱਚ ਨਸ਼ਿਆਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਵਾਸਤੇ ਪੂਰਨ ਸਹਿਯੋਗ ਦਾ ਵਾਅਦਾ ਕੀਤਾ। ਸਿੱਖਿਆ ਸ਼ਾਸਤਰੀ ਨੇ ਰਾਜਪਾਲ ਨੂੰ ਉਨ੍ਹਾਂ ਦੇ ਕੈਂਪਸ ਵਿੱਚ ਕੀਤੀਆਂ ਜਾ ਰਹੀਆਂ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਬਾਰੇ ਵੀ ਜਾਣੂ ਕਰਵਾਇਆ, ਜਿਸ ਸਦਕਾ ਨੌਜਵਾਨਾਂ ਦਰਮਿਆਨ ਨਸ਼ਿਆਂ ਦੀ ਦੁਰਵਰਤੋਂ ਵਿੱਚ ਕਮੀ ਆਈ ਹੈ।

ਆਪਣੇ ਸੰਬੋਧਨ ਵਿੱਚ ਪੰਜਾਬ ਦੇ ਰਾਜਪਾਲ ਕਟਾਰੀਆ ਨੇ ਨਸ਼ਿਆਂ ਦੀ ਲਾਹਣਤ ਦੇ ਮਾੜੇ ਪ੍ਰਭਾਵਾਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਸਿਰਫ਼ ਇੱਕ ਖੇਤਰੀ ਸਮੱਸਿਆ ਨਹੀਂ ਹੈ, ਸਗੋਂ ਇੱਕ ਰਾਸ਼ਟਰੀ ਸੰਕਟ ਹੈ ਅਤੇ ਇਹ ਖਾਸ ਕਰਕੇ ਪੰਜਾਬ ਵਿੱਚ ਚਿੰਤਾਜਨਕ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਜੰਗ ਸਮਾਜ ਦੇ ਸਾਰੇ ਵਰਗਾਂ ਦੇ ਸਾਂਝੇ ਯਤਨਾਂ ਨਾਲ ਹੀ ਜਿੱਤੀ ਜਾ ਸਕਦੀ ਹੈ, ਜਿਸ ਵਿੱਚ ਸਰਕਾਰ, ਸਮਾਜਿਕ ਸੰਸਥਾਵਾਂ, ਵਿਦਿਅਕ ਸੰਸਥਾਵਾਂ, ਗੈਰ ਸਰਕਾਰੀ ਸੰਸਥਾਵਾਂ ਅਤੇ ਹੋਰ ਭਾਈਵਾਲ ਸ਼ਾਮਲ ਹਨ। ਇਸ ਸਬੰਧ ਵਿੱਚ ਕਾਨੂੰਨਾਂ ਨੂੰ ਲਾਗੂ ਕਰਨਾ ਮਹੱਤਵਪੂਰਨ ਹੈ, ਪਰ ਸਿਰਫ਼ ਕਾਨੂੰਨ ਹੀ ਇਸ ਸਮੱਸਿਆ ਦਾ ਹੱਲ ਨਹੀਂ ਕਰ ਸਕਦੇ। ਸਮਾਜ ਦੇ ਸਾਰੇ ਵਰਗਾਂ ਵਿੱਚ ਜਾਗਰੂਕਤਾ ਫੈਲਾਉਣਾ ਵੀ ਮਹੱਤਵਪੂਰਨ ਹੈ।

ਰਾਜਪਾਲ ਨੇ ਨਸ਼ਿਆਂ ਦੀ ਦੁਰਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣ ਲਈ ਸੋਸ਼ਲ ਮੀਡੀਆ ਵਰਗੇ ਆਧੁਨਿਕ ਸੰਚਾਰ ਸਾਧਨਾਂ ਦੀ ਵਰਤੋਂ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਸਮਾਜਿਕ ਬੁਰਾਈ ਵਿਰੁੱਧ ਸਮੂਹਿਕ ਯਤਨਾਂ ਨੂੰ ਉਤਸ਼ਾਹਿਤ ਕਰਨ ਲਈ ਜਨਤਕ ਮਾਰਚ ਅਤੇ ਸਮਾਜ-ਸੰਚਾਲਿਤ ਮੁਹਿੰਮਾਂ ਸ਼ੁਰੂ ਕਰਨ ਦਾ ਸੁਝਾਅ ਦਿੱਤਾ।

ਰਾਜਪਾਲ ਕਟਾਰੀਆ ਨੇ ਮੌਜੂਦਾ ਸਮੇਂ ਸਿੰਥੈਟਿਕ ਨਸ਼ਿਆਂ ਦੀ ਵਰਤੋਂ ਕਾਰਨ ਪੈਦਾ ਹੋਈਆਂ ਚੁਣੌਤੀਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਨਸ਼ੇ ਰਵਾਇਤੀ ਨਸ਼ਿਆਂ ਨਾਲੋਂ ਵਧੇਰੇ ਜਾਨਲੇਵਾ ਹਨ। ਉਨ੍ਹਾਂ ਦੱਸਿਆ ਕਿ ਇਹ ਸਮਾਜ ਵਿਰੋਧੀ ਅਤੇ ਦੇਸ਼ ਵਿਰੋਧੀ ਤੱਤਾਂ ਲਈ ਲਾਹੇਵੰਦ ਕਾਰੋਬਾਰ ਬਣ ਗਿਆ ਹੈ, ਜਿਸ ਕਾਰਨ ਇਸ ਵੱਲ ਤੁਰੰਤ ਧਿਆਨ ਦੇਣ ਅਤੇ ਸਾਂਝੇ ਯਤਨਾਂ ਦੀ ਲੋੜ ਹੈ।

ਨਸ਼ਿਆ ਦੇ ਖ਼ਾਤਮੇ ਲਈ ਪਰਿਵਾਰਾਂ ਅਤੇ ਵਿਦਿਅਕ ਸੰਸਥਾਵਾਂ ਦੀ ਅਹਿਮ ਭੂਮਿਕਾ ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਮਾਪਿਆਂ ਅਤੇ ਸਕੂਲਾਂ ਨੂੰ ਇਸ ਜੰਗ ਵਿੱਚ ਮੋਹਰੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਨਸ਼ਾ ਪੀੜਤਾਂ ਨੂੰ ਦਰਕਿਨਾਰ ਕਰਨ ਦੀ ਬਜਾਏ, ਸਾਨੂੰ ਉਨ੍ਹਾਂ ਨੂੰ ਸਮਾਜ ਵਿੱਚ ਮੁੜ ਸ਼ਾਮਲ ਕਰਨ ਲਈ ਪਿਆਰ ਅਤੇ ਸਵੀਕਾਰਤਾ ਨਾਲ ਉਨ੍ਹਾਂ ਦਾ ਸਮਰਥਨ ਕਰਨਾ ਚਾਹੀਦਾ ਹੈ।

ਰਾਜਪਾਲ ਨੇ ਇਸ ਮੁੱਦੇ ਨੂੰ ਹੱਲ ਕਰਨ ਲਈ ਯੋਜਨਾਬੱਧ ਉਪਾਅ ਕਰਨ ਲਈ ਕਿਹਾ ਅਤੇ ਸੁਝਾਅ ਦਿੱਤਾ ਕਿ ਜ਼ਿਲ੍ਹਾ, ਤਹਿਸੀਲ ਅਤੇ ਬਲਾਕ ਪੱਧਰ ਤੇ ਅਧਿਆਪਕ ਕਾਉਂਸਲਿੰਗ ਪ੍ਰੋਗਰਾਮ ਸ਼ੁਰੂ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਸਾਰੇ ਭਾਈਵਾਲਾਂ ਨੂੰ ਚੁਣੌਤੀਆਂ ਦੇ ਬਾਵਜੂਦ ਦ੍ਰਿੜ ਰਹਿਣ ਲਈ ਉਤਸ਼ਾਹਿਤ ਕੀਤਾ ਅਤੇ ਆਸ ਪ੍ਰਗਟਾਈ ਕਿ ਨਿਰੰਤਰ ਯਤਨਾਂ ਦੇ ਸਾਰਥਕ ਨਤੀਜੇ ਸਾਹਮਣੇ ਆਉਣਗੇ। ਉਨ੍ਹਾਂ ਜਾਗਰੂਕਤਾ, ਸਿੱਖਿਆ ਅਤੇ ਭਾਈਚਾਰਕ ਸ਼ਮੂਲੀਅਤ ਤੇ ਧਿਆਨ ਕੇਂਦ੍ਰਤ ਕਰਦਿਆਂ ਨਸ਼ਾ ਪੀੜਤਾਂ ਪ੍ਰਤੀ ਹਮਦਰਦੀ ਵਾਲੀ ਅਤੇ ਵਿਆਪਕ ਪਹੁੰਚ ਅਪਣਾਉਣ ਲਈ ਵੀ ਕਿਹਾ।

ਇਸ ਵਿਚਾਰ-ਵਟਾਂਦਰੇ ਵਿੱਚ ਉੱਘੀਆਂ ਸ਼ਖ਼ਸੀਅਤਾਂ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਵਿਨੀਤ ਜੋਸ਼ੀ ਫਾਊਂਡੇਸ਼ਨ ਦੇ ਸੰਸਥਾਪਕ ਵਿਨੀਤ ਜੋਸ਼ੀ ਨੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਭਾਈਵਾਲਾਂ ਦੀ ਜਾਣ-ਪਛਾਣ ਕਰਵਾਈ ਅਤੇ ਨਸ਼ਿਆਂ ਦੇ ਖਾਤਮੇ ਲਈ ਵਿਹਾਰਕ ਉਪਾਅ ਸਾਂਝੇ ਕੀਤੇ। ਸਾਬਕਾ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਵਿਜੈ ਸਾਂਪਲਾ ਨੇ ਮੁੜ ਵਸੇਬਾ ਕੇਂਦਰਾਂ ਦੀ ਸੁਚੱਜੀ ਵਰਤੋਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਨਸ਼ਾ ਪੀੜਤਾਂ ਨੂੰ ਸਵੀਕਾਰ ਕਰਨ ਅਤੇ ਉਹਨਾਂ ਦੀ ਸਹਾਇਤਾ ਕਰਨ ਦੀ ਲੋੜ ਤੇ ਜ਼ੋਰ ਦਿੱਤਾ ਅਤੇ ਨਸ਼ਾ ਪੀੜਤਾਂ ਨਾਲ ਵਿਤਕਰਾ ਕਰਨ ਦੀ ਬਜਾਏ ਉਹਨਾਂ ਨੂੰ ਸਮਾਜ ਵਿੱਚ ਮੁੜ ਸ਼ਾਮਲ ਕਰਨ ਵਿੱਚ ਮਦਦ ਕਰਨ ਲਈ ਕਿਹਾ। ਗਰੇਵਾਲ ਫਾਊਂਡੇਸ਼ਨ ਦੇ ਸੰਸਥਾਪਕ-ਡਾਇਰੈਕਟਰ ਹਰਜੀਤ ਸਿੰਘ ਗਰੇਵਾਲ ਨੇ ਇਸ ਨੇਕ ਕਾਰਜ ਲਈ ਆਪਣਾ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ। ਰਾਜ ਸਭਾ ਦੇ ਸਾਬਕਾ ਮੈਂਬਰ ਅਤੇ ਖੰਨਾ ਫਾਊਂਡੇਸ਼ਨ ਦੇ ਡਾਇਰੈਕਟਰ ਅਵਿਨਾਸ਼ ਰਾਏ ਖੰਨਾ ਨੇ ਇਸ ਅਲਾਮਤ ਨੂੰ ਖ਼ਤਮ ਕਰਨ ਲਈ ਸਮੂਹਿਕ ਯਤਨਾਂ ਦੀ ਲੋੜ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸੀਨੀਅਰ ਸੈਕੰਡਰੀ ਸਕੂਲ ਪੱਧਰ ਤੇ ਜਾਗਰੂਕਤਾ ਪ੍ਰੋਗਰਾਮ ਚਲਾ ਕੇ ਨੌਜਵਾਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਸਕਦਾ ਹੈ।

# ਬਠਿੰਡਾ ਚ ਵਾਪਰੇ ਦੋਹਰੇ ਕਤਲ ਕਾਂਡ ਵਿਚ ਪੁਲਿਸ ਨੇ ਦੋਸ਼ੀ ਨੂੰ ਕੀਤਾ ਕਾਬੂ



(ਲੋਕ ਬਾਣੀ) ਲਗਭਗ 24 ਘੰਟੇ ਪਹਿਲਾਂ ਜ਼ਿਲ੍ਹੇ ਦੇ ਪਿੰਡ ਬਦਿਆਲਾ ਵਿਚ ਦੇਰ ਰਾਤ ਇਕ ਬਜ਼ੁਰਗ ਜੋੜੇ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ। ਪੁਲਿਸ ਨੇ ਕੁਝ ਹੀ ਘੰਟਿਆਂ ਵਿਚ ਹੀ ਇਸ ਕੇਸ ਨੂੰ ਸੁਲਝਾਉਣ ਦਾ ਦਾਅਵਾ ਕੀਤਾ ਸੀ, ਜਿਸ ਵਿਚ ਕਾਤਲ ਕੋਈ ਹੋਰ ਨਹੀਂ ਸਗੋਂ ਮ੍ਰਿਤਕ ਕਿਆਸ ਸਿੰਘ (66) ਦਾ ਭਰਾ ਵਿਕਰਮ ਸਿੰਘ ਨਿਕਲਿਆ, ਜਿਸ ਨੇ ਆਪਣੇ ਭਰਾ ਅਤੇ ਭਰਜਾਈ ਦਾ ਕਤਲ ਕੀਤਾ। ਜ਼ਮੀਨੀ ਵਿਵਾਦ ਦੇ ਚੱਲਦੇ ਉਸ ਨੇ ਇਸ ਘਟਨਾ ਨੂੰ ਅੰਜਾਮ ਦਿੱਤਾ।

ਐਸਐਸਪੀ ਅਮਨੀਤ ਕੌਂਡਲ ਵੱਲੋਂ ਪ੍ਰੈੱਸ ਕਾਨਫਰੰਸ ਕਰਦੇ ਹੋਏ ਦੱਸਿਆ ਕਿ ਪਿੰਡ ਬਦਿਆਲਾ ਵਿਚ ਇਕ ਬਜ਼ੁਰਗ ਜੋੜੇ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ। ਉਸ ਮਾਮਲੇ ਵਿੱਚ ਮ੍ਰਿਤਕ ਦੇ ਭਰਾ ਵਿਕਰਮ ਸਿੰਘ ਵੱਲੋਂ ਹੀ ਆਪਣੇ ਭਰਾ ਅਤੇ ਭਾਬੀ ਦਾ ਕਤਲ ਕੀਤਾ ਹੈ। ਐਸਐਸਪੀ ਨੇ ਦੱਸਿਆ ਕਿ ਹੁਣ ਇਸ ਨੂੰ ਅਦਾਲਤ ਵਿੱਚ ਪੇਸ਼ ਕਰਕੇ ਹੁਣ ਇਸਦਾ ਰਿਮਾਂਡ ਹਾਸਿਲ ਕੀਤਾ ਜਾਵੇਗਾ ਅਤੇ ਕੁਝ ਹੋਰ ਜਰੂਰੀ ਡਾਕੂਮੈਂਟ ਇਸ ਤੋਂ ਹਜੇ ਤੱਕ ਅਸੀਂ ਹਾਸਿਲ ਕਰਨੇ ਹਨ।

ਉਨ੍ਹਾਂ ਨੇ ਦੱਸਿਆ ਕਿ ਘਟਨਾ ਸਮੇਂ ਕਾਤਲ ਵਿਕਰਮ ਸਿੰਘ ਆਪਣੇ ਵੱਡੇ ਭਰਾ ਕਿਆਸ ਸਿੰਘ ਦੇ ਘਰ ਗਿਆ, ਜਦੋਂ ਉਸਦਾ ਭਰਾ ਦੁੱਧ ਲੈਣ ਗਿਆ ਹੋਇਆ ਸੀ। ਉਸਨੇ ਇਸ ਦੌਰਾਨ ਆਪਣੀ ਭਾਬੀ ਅਮਰਜੀਤ ਕੌਰ (62) ਦਾ ਕਤਲ ਕਰ ਦਿੱਤਾ। ਇਸ ਘਟਨਾ ਤੋਂ ਬਾਅਦ ਉਹ ਲੁਕ ਕੇ ਬੈਠ ਗਿਆ। ਜਿਵੇਂ ਹੀ ਉਸਦਾ ਭਰਾ ਦੁੱਧ ਲੈ ਕੇ ਵਾਪਸ ਆਇਆ, ਵਿਕਰਮ ਸਿੰਘ ਨੇ ਤੇਜ਼ਧਾਰ ਹਥਿਆਰ ਨਾਲ ਉਸਦਾ ਵੀ ਕਤਲ ਕਰ ਦਿੱਤਾ। ਸੱਚਾਈ ਨੂੰ ਲੁਕਾਉਣ ਲਈ ਉਸਨੇ ਆਪਣੇ ਹੱਥਿਆਰ ਸੀਵਰੇਜ ਵਿਚ ਸੁੱਟ ਦਿੱਤੇ ਅਤੇ ਆਪਣੇ ਕੱਪੜੇ ਬਦਲ ਲਏ ਤਾਂ ਜੋ ਕਿਸੇ ਨੂੰ ਸ਼ੱਕ ਨਾ ਹੋਵੇ।

# ਪੰਜਾਬ ਪੁਲਿਸ ਵੱਲੋਂ ਦੁਬਈ ਤੋਂ ਚਲਾਏ ਜਾ ਰਹੇ ਪਾਕਿਸਤਾਨ ਅਧਾਰਤ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼; ਤਿੰਨ ਪਿਸਤੌਲਾਂ ਸਣੇ ਇੱਕ ਵਿਅਕਤੀ ਕਾਬੂ




ਚੰਡੀਗੜ੍ਹ/ਅੰਮ੍ਰਿਤਸਰ,(ਲੋਕ ਬਾਣੀ) ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਦੁਬਈ ਅਧਾਰਤ ਭਗੌੜੇ ਤਸਕਰ ਮਨਜੋਤ ਸਿੰਘ ਉਰਫ਼ ਮੰਨੂ ਵੱਲੋਂ ਚਲਾਏ ਜਾ ਰਹੇ ਅਤੇ ਪਾਕਿਸਤਾਨ ਤੋਂ ਹਮਾਇਤ ਪ੍ਰਾਪਤ ਹਥਿਆਰਾਂ ਦੀ ਤਸਕਰੀ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਉਹਨਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਕਾਕਾ ਵਜੋਂ ਹੋਈ ਹੈ, ਜੋ ਕਿ ਤਰਨਤਾਰਨ ਦੇ ਪਿੰਡ ਹਵੇਲੀਆਂ ਦਾ ਰਹਿਣ ਵਾਲਾ ਹੈ ਅਤੇ ਇਸ ਵੇਲੇ ਅੰਮ੍ਰਿਤਸਰ ਦਿਹਾਤੀ ਦੇ ਪਿੰਡ ਸੈਦਪੁਰ ਵਿਖੇ ਰਹਿ ਰਿਹਾ ਹੈ। ਪੁਲਿਸ ਟੀਮਾਂ ਨੇ ਉਸ ਦੇ ਕਬਜ਼ੇ 'ਚੋਂ ਤਿੰਨ ਆਧੁਨਿਕ ਪਿਸਤੌਲ, ਜਿਨ੍ਹਾਂ ਵਿੱਚ 9 ਐਮਐਮ ਦੇ ਦੋ ਗਲੌਕ ਅਤੇ ਇੱਕ .30 ਬੋਰ ਚੀਨੀ ਪਿਸਤੌਲ ਸ਼ਾਮਲ ਹੈ, ਸਮੇਤ 4 ਜਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ ਉਸਦੇ ਗ੍ਰੇਅ ਰੰਗ ਦੀ ਹੌਂਡਾ ਐਕਟਿਵਾ ਸਕੂਟਰ (ਪੀ.ਬੀ.02ਈ.ਐਫ.2599), ਜਿਸ ਤੇ ਉਹ ਜਾ ਰਿਹਾ ਸੀ, ਨੂੰ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਨੂੰ ਇਹ ਭਰੋਸੇਯੋਗ ਜਾਣਕਾਰੀ ਮਿਲਣ ਕਿ ਇੱਕ ਵਿਦੇਸ਼ੀ ਮੂਲ ਦਾ ਭਾਰਤੀ ਵਿਅਕਤੀ ਮਨਜੋਤ ਸਿੰਘ ਉਰਫ਼ ਮੰਨੂ ਆਪਣੇ ਭਾਰਤ ਸਥਿਤ ਸਾਥੀਆਂ ਦੀ ਮਦਦ ਨਾਲ ਪਾਕਿਸਤਾਨ ਰਾਹੀਂ ਹਥਿਆਰਾਂ ਦੀ ਤਸਕਰੀ ਦਾ ਰੈਕੇਟ ਚਲਾ ਰਿਹਾ ਹੈ, ਸੀਆਈ ਅੰਮ੍ਰਿਤਸਰ ਦੀ ਟੀਮ ਨੇ ਕਾਰਵਾਈ ਸ਼ੁਰੂ ਕੀਤੀ ਅਤੇ ਦੋਸ਼ੀ ਗੁਰਪ੍ਰੀਤ ਸਿੰਘ ਨੂੰ ਪਿੰਡ ਰਾਮ ਤੀਰਥ ਤੋਂ ਪਿੰਡ ਖੁਰਮਣੀਆਂ ਅੰਮ੍ਰਿਤਸਰ ਨੂੰ ਜਾਂਦੀ ਲਿੰਕ ਰੋਡ ਤੇ ਵਿਖੇ ਵਿਸ਼ੇਸ਼ ਨਾਕਾ ਲਗਾ ਕੇ ਉਸ ਸਮੇਂ ਗ੍ਰਿਫਤਾਰ ਕਰ ਲਿਆ, ਜਦੋਂ ਉਹ ਹਥਿਆਰਾਂ ਦੀ ਖੇਪ ਪਹੁੰਚਾਉਣ ਜਾ ਰਿਹਾ ਸੀ।

ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮਨਜੋਤ ਸਿੰਘ ਇਸ ਨੈੱਟਵਰਕ ਦਾ ਮੁੱਖ ਸਰਗਨਾ ਹੈ ਜੋ ਪਾਕਿਸਤਾਨ ਅਧਾਰਤ ਤਸਕਰਾਂ ਨਾਲ ਸੰਪਰਕ ਕਰਨ ਲਈ ਐਨਕ੍ਰਿਪਟਡ ਐਪਸ ਦੀ ਵਰਤੋਂ ਕਰ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮ ਸਰਹੱਦ ਪਾਰੋਂ ਡਰੋਨ ਦੀ ਵਰਤੋਂ ਕਰਕੇ ਸੁੱਟੇ ਗਏ ਹਥਿਆਰਾਂ ਦੀ ਖੇਪ ਨੂੰ ਪ੍ਰਾਪਤ ਕਰਕੇ ਮੁਲਜ਼ਮ ਮਨਜੋਤ ਦੇ ਨਿਰਦੇਸ਼ਾਂ ਤੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਗੈਂਗਸਟਰਾਂ ਨੂੰ ਸਪਲਾਈ ਕਰਦਾ ਸੀ।

ਜ਼ਿਕਰਯੋਗ ਹੈ ਕਿ ਦੋਸ਼ੀ ਮਨਜੋਤ 2022 ਵਿੱਚ ਤਰਨਤਾਰਨ ਦੇ ਪੁਲਿਸ ਸਟੇਸ਼ਨ ਸਰਾਏ ਅਮਾਨਤ ਖਾਨ ਵਿਖੇ ਦਰਜ ਕੀਤੇ ਗਏ ਐਨਡੀਪੀਐਸ ਮਾਮਲੇ ਵਿੱਚ ਪੰਜਾਬ ਪੁਲਿਸ ਨੂੰ ਲੋੜੀਂਦਾ ਹੈ। ਇਸ ਤੋਂ ਇਲਾਵਾ ਗ੍ਰਿਫਤਾਰ ਦੋਸ਼ੀ ਗੁਰਪ੍ਰੀਤ ਸਿੰਘ ਵੀ ਪੁਲਿਸ ਸਟੇਸ਼ਨ ਸਰਾਏ ਅਮਾਨਤ ਖਾਨ ਵਿਖੇ ਐਨਡੀਪੀਐਸ ਐਕਟ ਤਹਿਤ ਅਪਰਾਧਿਕ ਮਾਮਲੇ ਦਾ ਸਾਹਮਣਾ ਕਰ ਰਿਹਾ ਹੈ।

ਡੀਜੀਪੀ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਉਸਦੇ ਸਾਥੀ ਦੀ ਵੀ ਪਛਾਣ ਕਰ ਲਈ ਹੈ ਅਤੇ ਉਸਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਜ਼ਿਕਰਯੋਗ ਹੈ ਕਿ ਇਸ ਸਬੰਧੀ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ 25(1) (ਏ) ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਐਕਟ ਦੀ ਧਾਰਾ 61(2) ਤਹਿਤ ਐਫਆਈਆਰ ਨੰਬਰ 1 ਮਿਤੀ 08.01.2025 ਦਰਜ ਕੀਤੀ ਗਈ ਹੈ।

# ਕਿਸਾਨ ਆਗੂ ਡੱਲੇਵਾਲ ਦੀ ਸਿਹਤ ਦੀ ਜਾਂਚ ਕਰਨ ਪੁੱਜੀ ਡਾਕਟਰਾਂ ਦੀ ਟੀਮ



ਚੰਡੀਗੜ੍ਹ (ਲੋਕ ਬਾਣੀ)- ਖਨੌਰੀ ਸਰਹੱਦ 'ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 45ਵੇਂ ਦਿਨ ਵੀ ਜਾਰੀ ਹੈ। ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ।ਪਟਿਆਲਾ ਦੇ ਐਸਐਸਪੀ ਨਾਨਕ ਸਿੰਘ ਅਤੇ ਸਰਕਾਰੀ ਡਾਕਟਰਾਂ ਦੀ ਟੀਮ ਜਗਜੀਤ ਸਿੰਘ ਡੱਲੇਵਾਲ ਨੂੰ ਮਿਲਣ ਲਈ ਪੁੱਜੀ। ਰਾਜਿੰਦਰਾ ਹਸਪਤਾਲ ਪਟਿਆਲਾ ਤੋਂ ਮਾਹਰ ਡਾਕਟਰਾਂ ਦੀ ਟੀਮ ਪਹੁੰਚੀ ਹੈ। ਡਾਕਟਰਾਂ ਵਲੋਂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਸੰਬੰਧੀ ਵੱਖ-ਵੱਖ ਅੰਗਾਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਟੀਮ ਵਲੋਂ ਕੁਝ ਜਾਂਚ ਮਸ਼ੀਨਾਂ ਵੀ ਨਾਲ ਲਿਆਂਦੀਆਂ ਗਈਆਂ ਹਨ।ਬੁੱਧਵਾਰ ਨੂੰ ਡੱਲੇਵਾਲ ਦਾ ਮੈਡੀਕਲ ਬੁਲੇਟਿਨ ਜਾਰੀ ਕਰਦੇ ਹੋਏ ਡਾਕਟਰਾਂ ਨੇ ਕਿਹਾ ਸੀ ਕਿ ਜੇਕਰ ਉਨ੍ਹਾਂ ਦੀਆਂ ਲੱਤਾਂ ਨੂੰ ਸਰੀਰ ਦੇ ਦੂਜੇ ਹਿੱਸਿਆਂ ਦੇ ਬਰਾਬਰ ਬਣਾਇਆ ਜਾਵੇ ਤਾਂ ਉਨ੍ਹਾਂ ਦਾ ਬਲੱਡ ਪ੍ਰੈਸ਼ਰ ਕਾਫੀ ਘੱਟ ਜਾਂਦਾ ਹੈ। ਬਲੱਡ ਪ੍ਰੈਸ਼ਰ ਨੂੰ ਥੋੜ੍ਹਾ ਸਥਿਰ ਕਰਨ ਲਈ ਉਨ੍ਹਾਂ ਦੀਆਂ ਲੱਤਾਂ ਨੂੰ ਉਚਾਈ ਤੇ ਰੱਖਣਾ ਪੈਂਦਾ ਹੈ। ਉਨ੍ਹਾਂ ਨੂੰ ਬੋਲਣ ਵਿਚ ਵੀ ਦਿੱਕਤ ਆ ਰਹੀ ਹੈ। ਬੁੱਧਵਾਰ ਨੂੰ ਪੂਰਾ ਦਿਨ ਉਹ ਆਪਣੀ ਟਰਾਲੀ ਚ ਪਏ ☛✶✣ । ਉਨ੍ਹਾਂ ਨੇ ਕਿਸੇ ਨੂੰ ਮਿਲਣ ਤੋਂ ਇਨਕਾਰ ਕਰ ਦਿੱਤਾ ਹੈ

# ਐਮ.ਐਸ.ਪੀ. ਪੇਮੈਂਟ ਫਰੌਡ: ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਿਵੀਜ਼ਨ ਵੱਲੋਂ ਅਨਾਜ ਖਰੀਦ ਪੋਰਟਲ ਨਾਲ ਛੇੜਛਾੜ ਦੇ ਦੋਸ਼ ਹੇਠ ਚਾਰ ਵਿਅਕਤੀ ਗ੍ਰਿਫ਼ਤਾਰ

ਚੰਡੀਗੜ੍ਹ, (ਲੋਕ ਬਾਣੀ): ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸਾਈਬਰ ਕ੍ਰਾਈਮ ਵਿਰੁੱਧ ਜਾਰੀ ਜੰਗ ਦੌਰਾਨ, ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਅਨਾਜ ਖਰੀਦ ਪੋਰਟਲ ਨਾਲ ਛੇੜਛਾੜ ਕਰਨ ਵਾਲੇ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਭੁਗਤਾਨ ਸਬੰਧੀ ਧੋਖਾਧੜੀ ਦਾ ਪਰਦਾਫਾਸ਼ ਕੀਤਾ ਹੈ। ਦੱਸਣਯੋਗ ਹੈ ਕਿ ਉਕਤ ਮੁਲਜ਼ਮ ਕਿਸਾਨਾਂ ਨੂੰ ਕੀਤੀ ਗਈ ਫ਼ਸਲ ਦੀ ਅਦਾਇਗੀ ਨੂੰ ਆਪਣੇ ਖਾਤਿਆਂ ਵਿੱਚ ਟਰਾਂਸਫਰ ਕਰਨ ਦੇ ਅਪਰਾਧ ਵਿੱਚ ਸ਼ਾਮਲ ਸਨ। ਇਹ ਜਾਣਕਾਰੀ ਅੱਜ ਇੱਥੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਸਾਈਬਰ ਕ੍ਰਾਈਮ ਡਿਵੀਜ਼ਨ ਵੀ. ਨੀਰਜਾ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਨੀਸ਼, ਜਸਵੀਰ ਸਿੰਘ, ਅੰਗਰੇਜ ਸਿੰਘ ਅਤੇ ਬਲਵਿੰਦਰ ਸਿੰਘ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਧੋਖਾਧੜੀ ਕਰਨ ਲਈ ਵਰਤੇ ਗਏ ਡਿਜੀਟਲ ਉਪਕਰਨ ਅਤੇ ਰਾਊਟਰ ਵੀ ਬਰਾਮਦ ਕਰ ਲਏ ਹਨ।




ਏਡੀਜੀਪੀ ਵੀ ਨੀਰਜਾ ਨੇ ਦੱਸਿਆ ਕਿ ਉਕਤ ਮੁਲਜ਼ਮ ਅਤਿ-ਆਧੁਨਿਕ ਢੰਗ ਤਰੀਕਿਆਂ ਦੀ ਮਦਦ ਨਾਲ ਕਿਸਾਨਾਂ ਦੇ ਮੋਬਾਈਲ ਨੰਬਰਾਂ ਨੂੰ ਆਪਣੇ ਮੋਬਾਈਲ ਨੰਬਰਾਂ ਨਾਲ ਬਦਲ ਕੇ ਕਿਸਾਨਾਂ ਦੇ ਖਾਤਿਆਂ ਵਿੱਚ ਆਉਣ ਵਾਲੀ ਫ਼ਸਲ ਦੀ ਅਦਾਇਗੀ ਨੂੰ ਧੋਖੇ ਨਾਲ ਆਪਣੇ ਖਾਤਿਆਂ ਵਿੱਚ ਟਰਾਂਸਫ਼ਰ ਕਰਦੇ ਸਨ ਅਤੇ ਫਿਰ ਕੰਮ ਹੋਣ ਉਪਰੰਤ ਕਿਸਾਨਾਂ ਦੇ ਬੈਂਕ ਖਾਤੇ ਦੀ ਜਾਣਕਾਰੀ ਨੂੰ ਅਪਡੇਟ ਕਰ ਦਿੰਦੇ ਸਨ।

ਉਨ੍ਹਾਂ ਅੱਗੇ ਦੱਸਿਆ ਕਿ ਆਪਣੇ ਇਸ ਅਪਰਾਧ ਦਾ ਪਰਦਾਫਾਸ਼ ਹੋਣ ਤੋਂ ਬਚਣ ਲਈ ਉਕਤ ਮੁਲਜ਼ਮ ਭੁਗਤਾਨ ਦੀ ਪ੍ਰਕਿਰਿਆ ਤੋਂ ਤੁਰੰਤ ਬਾਅਦ ਖਾਤੇ ਦੇ ਅਸਲ ਵੇਰਵੇ ਬਹਾਲ ਕਰ ਦਿੰਦੇ ਸਨ। ਉਨ੍ਹਾਂ ਦੱਸਿਆ ਕਿ ਘੁਟਾਲੇ ਵਿੱਚ ਸ਼ਾਮਲ ਹੋਰ ਮੁਲਜ਼ਮਾਂ ਨੂੰ ਫੜਨ ਲਈ ਸੂਬਾ ਪੱਧਰੀ ਕਾਰਵਾਈ ਕੀਤੀ ਜਾ ਰਹੀ ਹੈ।

ਜਾਣਕਾਰੀ ਅਨੁਸਾਰ ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਪੰਜਾਬ ਤੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਜਿਸ ਵਿੱਚ ਇਹ ਸਾਹਮਣੇ ਆਇਆ ਕਿ ਕੁਝ ਕਿਸਾਨਾਂ ਨੂੰ ਝੋਨੇ ਦੇ ਸੀਜ਼ਨ, 2024 ਦੌਰਾਨ ਆਪਣੀਆਂ ਫਸਲਾਂ ਦੀ ਅਦਾਇਗੀ ਪ੍ਰਾਪਤ ਨਹੀਂ ਹੋਈ। ਇਸ ਮਾਮਲੇ ਦੀ ਜਾਂਚ ਤੋਂ ਪਤਾ ਲੱਗਾ ਕਿ ਇਨ੍ਹਾਂ ਕਿਸਾਨਾਂ ਨੂੰ ਕੀਤੀ ਗਈ ਅਦਾਇਗੀ ਵੱਖ-ਵੱਖ ਵਿਅਕਤੀਆਂ ਦੇ ਵੱਖ-ਵੱਖ ਬੈਂਕ ਖਾਤਿਆਂ ਵਿੱਚ ਜਮ੍ਹਾਂ ਹੋਈ ਹੈ।

ਏਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਦੌਰਾਨ ਆਈਪੀ ਰਿਕਾਰਡ ਅਤੇ ਹੋਰ ਡੇਟਾ ਅਤੇ ਬੈਂਕ ਖਾਤਿਆਂ ਸਬੰਧੀ ਜਾਣਕਾਰੀ ਨੂੰ ਖੰਗਾਲਿਆ ਗਿਆ, ਜਿਸ ਵਿੱਚ ਅਨਾਜ ਖਰੀਦ ਪੋਰਟਲ ਤੱਕ ਅਣਅਧਿਕਾਰਤ ਪਹੁੰਚ ਅਤੇ ਧੋਖਾਧੜੀ ਨਾਲ ਵੱਖ-ਵੱਖ ਖਾਤਿਆਂ ਵਿੱਚ ਫ਼ਸਲਾਂ ਦੀ ਅਦਾਇਗੀ ਟਰਾਂਸਫਰ ਕੀਤੇ ਜਾਣ ਬਾਰੇ ਖੁਲਾਸਾ ਹੋਇਆ।ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਜ਼ਿਲ੍ਹਾ ਐਸਏਐਸ ਨਗਰ ਤੋਂ ਫਰਜ਼ੀ ਪਛਾਣ 'ਤੇ ਇੱਕ ਮੋਬਾਈਲ ਨੰਬਰ ਅਤੇ ਇੱਕ ਮੋਬਾਈਲ ਉਪਕਰਨ ਖਰੀਦਿਆ ਗਿਆ ਸੀ, ਜਿਸਦੀ ਵਰਤੋਂ ਅਨਾਜ ਖਰੀਦ ਪੋਰਟਲ ਤੇ ਕਿਸਾਨਾਂ ਦੇ ਬੈਂਕ ਖਾਤਿਆਂ ਨਾਲ ਛੇੜਛਾੜ ਕਰਨ ਵਾਸਤੇ ਓਟੀਪੀ ਪ੍ਰਾਪਤ ਕਰਨ ਲਈ ਕੀਤੀ ਗਈ ਸੀ ਅਤੇ ਇਹ ਗਿਰੋਹ ਸ੍ਰੀ ਮੁਕਤਸਰ ਸਾਹਿਬ ਦੇ ਦੂਰ-ਦੁਰਾਡੇ ਇਲਾਕਿਆਂ ਤੋਂ ਆਪਣਾ ਕੰਮ ਚਲਾ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਪੋਰਟਲ ਤੱਕ ਅਣਅਧਿਕਾਰਤ ਪਹੁੰਚ ਕਰਨ ਅਤੇ ਕਿਸਾਨਾਂ ਦੇ ਬੈਂਕ ਰਿਕਾਰਡ ਨੂੰ ਬਦਲਣ ਦੇ ਉਦੇਸ਼ ਨਾਲ ਮੁਲਜ਼ਮਾਂ ਨੇ ਇੰਟਰਨੈਟ ਕਨੈਕਸ਼ਨ ਵੀ ਲਿਆ ਹੋਇਆ ਸੀ।

ਏਡੀਜੀਪੀ ਵੀ ਨੀਰਜਾ ਨੇ ਕਿਹਾ ਕਿ ਇੰਸਪੈਕਟਰ ਜੁਝਾਰ ਸਿੰਘ, ਇੰਸਪੈਕਟਰ ਦੀਪਕ ਭਾਟੀਆ ਅਤੇ ਐਸਆਈ ਰਣਜੀਤ ਦੀ ਅਗਵਾਈ ਵਾਲੀਆਂ ਸਾਈਬਰ ਕ੍ਰਾਈਮ ਡਿਵੀਜ਼ਨ ਦੀਆਂ ਤਿੰਨ ਟੀਮਾਂ ਨੇ ਮੁਲਜ਼ਮਾਂ ਦਾ ਪਤਾ ਲਗਾਉਣ ਲਈ ਵੱਖ-ਵੱਖ ਓਐਸਆਈਐਨਟੀ ਤਕਨੀਕਾਂ ਦੀ ਵਰਤੋਂ ਕੀਤੀ, ਜਿਸ ਦੇ ਆਧਾਰ 'ਤੇ ਜ਼ਿਲ੍ਹਾ ਮੋਗਾ ਅਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਖੇਤਰਾਂ ਤੋਂ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਉਨ੍ਹਾਂ ਕਿਹਾ ਕਿ ਹੋਰਨਾਂ ਵਿਅਕਤੀਆਂ ਦੀ ਸ਼ਮੂਲੀਅਤ ਬਾਰੇ ਪਤਾ ਲਗਾਉਣ ਲੱ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਇਸ ਮਾਮਲੇ ਵਿੱਚ ਮੰਡੀ ਬੋਰਡ ਜਾਂ ਖੁਰਾਕ ਸਪਲਾਈ ਵਿਭਾਗ ਦੇ ਕਿਸੇ ਵੀ ਮੁਲਾਜ਼ਮ ਅਤੇ ਆੜ੍ਹਤੀਆਂ ਦੀ ਮਿਲੀਭੁਗਤ ਨੂੰ ਰੱਦ ਨਾ ਕਰਦਿਆਂ ਕਿਹਾ ਕਿ ਇਹ ਹੋ ਸਕਦਾ ਹੈ ਕਿ ਮੁਲਾਜ਼ਮਾਂ ਵੱਲੋਂ ਘੁਟਾਲੇ ਦੇ ਮਾਸਟਰਮਾਈਂਡਾਂ ਨਾਲ ਅਨਾਜ ਖਰੀਦ ਪੋਰਟਲ ਬਾਰੇ ਸੰਵੇਦਨਸ਼ੀਲ ਅਤੇ ਤਕਨੀਕੀ ਖਾਮੀਆਂ ਦੀ ਜਾਣਕਾਰੀ ਸਾਂਝੀ ਕੀਤੀ ਗਈ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੇ ਬਾਕੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਸੰਯੁਕਤ ਕਿਸਾਨ ਮੋਰਚੇ ਦਾ ਅੰਦੋਲਨ ਨੂੰ ਸਮਰਥਨ, ਕੱਲ੍ਹ ਖਨੌਰੀ ਸਰਹੱਦ ਤੇ ਪਹੁੰਚਣਗੇ ਕਿਸਾਨ




ਮੋਗਾ -(ਲੋਕ ਬਾਣੀ) ਪੰਜਾਬ ਦੇ ਮੋਗਾ ਵਿੱਚ ਅੱਜ ਸੰਯੁਕਤ ਕਿਸਾਨ ਮੋਰਚਾ (♥™$) ਦੀ ਮਹਾਪੰਚਾਇਤ ਹੋਈ। ਮਹਾਪੰਚਾਇਤ ਚ ਇਹ ਫੈਸਲਾ ਕੀਤਾ ਗਿਆ ਹੈ ਕਿ ਸਮੂਹ ਕਿਸਾਨ ਜਥੇਬੰਦੀਆਂ ਇੱਕਮੁੱਠ ਹੋ ਕੇ ਸ਼ੰਭੂ ਅਤੇ ਖਨੌਰੀ ਸਰਹੱਦ ਤੇ ਚੱਲ ਰਹੇ ਕਿਸਾਨ ਅੰਦੋਲਨ ਦਾ ਸਮਰਥਨ ਕਰਨਗੀਆਂ। ਇਸ ਦੇ ਲਈ ਮਹਾਪੰਚਾਇਤ ਚ ਪ੍ਰਸਤਾਵ ਪੇਸ਼ ਕੀਤਾ ਗਿਆ, ਜਿਸ ਤੇ ਸਾਰੀਆਂ ਯੂਨੀਅਨਾਂ ਦੇ ਆਗੂਆਂ ਨੇ ਸਹਿਮਤੀ ਜਤਾਈ।

ਇਹ ਪਹਿਲੀ ਵਾਰ ਹੋਵੇਗਾ ਜਦੋਂ ਇਸ ਕਿਸਾਨ ਅੰਦੋਲਨ ਵਿੱਚ ਸ਼ਾਮਲ ਐਸ.ਕੇ.ਐਮ ਅਤੇ ਕਿਸਾਨ ਯੂਨੀਅਨਾਂ ਸ਼ਾਮਲ ਹੋਣਗੀਆਂ। ਇਸ ਤੋਂ ਪਹਿਲਾਂ ਕੇਵਲ ਜਗਜੀਤ ਸਿੰਘ ਡੱਲੇਵਾਲ ਦਾ ਸਾਂਝਾ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਸਰਵਣ ਸਿੰਘ ਪੰਧੇਰ ਦਾ ਕਿਸਾਨ ਮਜ਼ਦੂਰ ਮੋਰਚਾ ਪਿਛਲੇ ਕਰੀਬ 11 ਮਹੀਨਿਆਂ ਤੋਂ ਸ਼ੰਭੂ ਅਤੇ ਖਨੌਰੀ ਵਿੱਚ ਮੋਰਚਾ ਸੰਭਾਲ ਰਹੇ ਹਨ।

ਇਸ ਦੇ ਨਾਲ ਹੀ ਭਲਕੇ (ਸ਼ੁੱਕਰਵਾਰ) ਨੂੰ 101 ਕਿਸਾਨਾਂ ਦਾ ਜਥਾ 6 ਮੈਂਬਰੀ ਕਮੇਟੀ ਸਮੇਤ ਖਨੌਰੀ ਮੋਰਚੇ ਵਿੱਚ ਜਾਵੇਗਾ। ਉਥੇ ਮਹਾਪੰਚਾਇਤ ਚ ਪਾਸ ਪ੍ਰਸਤਾਵ ਨੂੰ ਫਰੰਟ ਦੇ ਨੇਤਾਵਾਂ ਦੇ ਸਾਹਮਣੇ ਰੱਖਿਆ ਜਾਵੇਗਾ। ਪ੍ਰਸਤਾਵ ਤੇ ਵੀ ਸਹਿਮਤੀ ਲਈ ਜਾਵੇਗੀ। ਇਸ ਤੋਂ ਬਾਅਦ 15 ਜਨਵਰੀ ਨੂੰ ਪਟਿਆਲਾ ਵਿੱਚ ਏਕਤਾ ਲਈ ਮੀਟਿੰਗ ਕੀਤੀ ਜਾਵੇਗੀ। ਇਸ ਵਿੱਚ ਸੰਘਰਸ਼ ਨੂੰ ਲੈ ਕੇ ਅਗਲੀ ਰਣਨੀਤੀ ਬਣਾਈ ਜਾਵੇਗੀ।

ਮਹਾਪੰਚਾਇਤ ਦੇ ਮੰਚ ਤੋਂ ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਨੇ ਕਿਹਾ ਹੈ ਕਿ ਸ਼ੰਭੂ ਅਤੇ ਖਨੌਰੀ ਸਰਹੱਦ ਤੇ ਹੋਣ ਵਾਲੇ ਮਾਰਚ ਖਿਲਾਫ ਕੋਈ ਵੀ ਕਿਸਾਨ ਆਗੂ ਬਿਆਨਬਾਜ਼ੀ ਨਹੀਂ ਕਰੇਗਾ। ਨਾਲ ਹੀ ਸਰਕਾਰ ਤੋਂ ਮੰਗਾਂ ਪੂਰੀਆਂ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਮਹਾਪੰਚਾਇਤ ਵਿੱਚ ਫੈਸਲਾ ਕੀਤਾ ਗਿਆ ਹੈ ਕਿ 13 ਜਨਵਰੀ ਨੂੰ ਤਹਿਸੀਲ ਪੱਧਰ 'ਤੇ ਕੇਂਦਰ ਦੀ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ। ਇਸ ਦੇ ਨਾਲ ਹੀ 26 ਜਨਵਰੀ ਨੂੰ ਟਰੈਕਟਰ ਮਾਰਚ ਵੀ ਕੱਢਿਆ ਜਾਵੇਗਾ। ਆਗੂਆਂ ਨੇ ਕਿਹਾ ਹੈ ਕਿ ਜੇਕਰ ਸਹਿਮਤੀ ਬਣੀ ਤਾਂ ਇਹ ਪ੍ਰੋਗਰਾਮ ਸਾਂਝੇ ਤੌਰ 'ਤੇ ਵੀ ਕੀਤਾ ਜਾ ਸਕਦਾ ਹੈ।

ਰੋਜ਼ਾਨਾ ਲੋਕ ਬਾਣੀ www.lokbani

# 1500 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗਲਾਡਾ ਕਲਰਕ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, ,( ਸੁਖਚੈਨ ਮਹਿਰਾ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਲੁਧਿਆਣਾ ਵਿਖੇ ਤਾਇਨਾਤ ਕਲਰਕ (ਫਰੰਟ ਡੈਸਕ ਐਗਜ਼ੀਕਿਊਟਿਵ) ਅਨਿਕਸ਼ਾ ਦੇਵੀ ਨੂੰ ਗੂਗਲ ਪੇਅ ਰਾਹੀਂ 1500 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਕਿਹਾ ਕਿ ਮੁਲਜ਼ਮ ਅਨਿਕਸ਼ਾ ਦੇਵੀ ਵਾਸੀ ਦਸ਼ਮੇਸ਼ ਨਗਰ, ਪਿੰਡ ਇਯਾਲੀ ਖੁਰਦ, ਲੁਧਿਆਣਾ ਨੂੰ ਅਭਿਜੀਤ ਸਿੰਘ ਵਰਮਾ ਵਾਸੀ ਨਿਊ ਦੀਪ ਨਗਰ, ਹੈਬੋਵਾਲ ਕਲਾਂ, ਲੁਧਿਆਣਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਤੇ ਦਰਜ ਕਰਵਾਈ ਸ਼ਿਕਾਇਤ ਦੀ ਜਾਂਚ ਉਪਰੰਤ ਗ੍ਰਿਫ਼ਤਾਰ ਕੀਤਾ ਗਿਆ ਹੈ।

ਰੋਜ਼ਾਨਾ ਲੋਕ ਬਾਣੀ www.lokbani

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤ ਦੇ ਅਨੁਸਾਰ ਡੀਲਿੰਗ ਕਲਰਕ ਅਨਿਕਸ਼ਾ ਦੇਵੀ ਨੇ ਸ਼ਿਕਾਇਤਕਰਤਾ ਨੂੰ ਪਲਾਟ ਦੀ ਵਿਕਰੀ ਲਈ ਲੋੜੀਂਦੀ ਐਨ.ਓ.ਸੀ. ਪ੍ਰਾਪਤ ਕਰਨ ਬਦਲੇ 4251 ਰੁਪਏ ਆਨਲਾਈਨ ਫੀਸ ਅਦਾ ਕਰਨ ਲਈ ਕਿਹਾ। ਇਸ ਤੋਂ ਇਲਾਵਾ, ਮਹਿਲਾ ਕਲਰਕ ਨੇ ਐਨ.ਓ.ਸੀ. ਜਾਰੀ ਕਰਨ ਬਦਲੇ ਗੂਗਲ ਪੇਅ ਰਾਹੀਂ 1500 ਰੁਪਏ ਰਿਸ਼ਵਤ ਦੀ ਮੰਗ ਵੀ ਕੀਤੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਤਸਦੀਕ ਦੌਰਾਨ, ਸ਼ਿਕਾਇਤਕਰਤਾ ਵੱਲੋਂ ਪੇਸ਼ ਕੀਤੇ ਮੌਖਿਕ ਅਤੇ ਦਸਤਾਵੇਜ਼ੀ ਸਬੂਤਾਂ ਦੀ ਜਾਂਚ ਵਿੱਚ ਲਗਾਏ ਗਏ ਦੋਸ਼ ਸਹੀ ਪਾਏ ਗਏ। ਇਸ ਤੋਂ ਬਾਅਦ, ਮੁਲਜ਼ਮ ਕਲਰਕ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਹੋਰ ਜਾਂਚ ਜਾਰੀ ਹੈ।

# ਅੱਜ ਤੋਂ ਤਿੰਨ ਦਿਨਾਂ ਲਈ ਪੱਖੋਵਾਲ ਰੋਡ ਆਰ.ਓ.ਬੀ. ਆਵਾਜਾਈ ਲਈ ਰਹੇਗਾ ਬੰਦ; ਨਗਰ ਨਿਗਮ ਕਰਵਾਏਗਾ ਡਿਫਲੈਕਸ਼ਨ ਟੈਸਟ



ਲੁਧਿਆਣਾ, (ਸੁਖਚੈਨ ਮਹਿਰਾ)

ਪੱਖੋਵਾਲ ਰੋਡ ਰੇਲਵੇ ਓਵਰ ਬ੍ਰਿਜ (ਆਰ.ਓ.ਬੀ.) ਸ਼ੁੱਕਰਵਾਰ ਸਵੇਰ ਤੋਂ ਆਉਣ ਵਾਲੇ ਤਿੰਨ ਦਿਨਾਂ (72 ਘੰਟੇ) ਲਈ ਆਵਾਜਾਈ ਲਈ ਬੰਦ ਰਹੇਗਾ।

ਪੁਲ ਦਾ ਡਿਫਲੈਕਸ਼ਨ ਟੈਸਟ (ਲੋਡ ਟੈਸਟ) ਕਰਵਾਉਣ ਲਈ ਆਰ.ਓ.ਬੀ. ਨੂੰ ਬੰਦ ਕੀਤਾ ਜਾਣਾ ਹੈ।

ਉਕਤ ਆਰ.ਓ.ਬੀ. ਪੱਖੋਵਾਲ ਰੋਡ ਨਹਿਰ ਪੁਲ ਤੋਂ ਭਾਈ ਬਾਲਾ ਚੌਕ ਵੱਲ ਆਵਾਜਾਈ ਲਈ ਵਰਤਿਆ ਜਾਂਦਾ ਹੈ। ਨਗਰ ਨਿਗਮ ਦੇ ਅਧਿਕਾਰੀਆਂ ਨੇ ਵਸਨੀਕਾਂ ਨੂੰ ਆਉਣ ਵਾਲੇ ਤਿੰਨ ਦਿਨਾਂ ਲਈ ਪੱਖੋਵਾਲ ਰੋਡ ਨਹਿਰ ਪੁਲ ਤੋਂ ਭਾਈ ਬਾਲਾ ਚੌਕ ਵੱਲ ਜਾਣ ਲਈ ਵਿਕਲਪਿਕ ਰਸਤੇ ਲੈਣ ਦੀ ਅਪੀਲ ਕੀਤੀ ਹੈ।

ਪੱਖੋਵਾਲ ਰੋਡ ਰੇਲਵੇ ਕਰਾਸਿੰਗ ਤੇ ਦੋਵੇਂ ਰੇਲਵੇ ਅੰਡਰ ਬ੍ਰਿਜ (ਆਰ.ਯੂ.ਬੀ.) ਇਨ੍ਹਾਂ ਦਿਨਾਂ ਦੌਰਾਨ ਆਮ ਵਾਂਗ ਆਵਾਜਾਈ ਲਈ ਖੁੱਲ੍ਹੇ ਰਹਿਣਗੇ। ਪੱਖੋਵਾਲ ਰੋਡ ਨਹਿਰ ਪੁਲ ਤੋਂ, ਵਸਨੀਕ ਆਰ.ਯੂ.ਬੀ. ਦੀ ਵਰਤੋਂ ਕਰ ਸਕਦੇ ਹਨ ਅਤੇ ਸਰਾਭਾ ਨਗਰ ਅਤੇ ਹੀਰੋ ਬੇਕਰੀ ਚੌਕ ਰਾਹੀਂ ਭਾਈ ਬਾਲਾ ਚੌਕ ਤੱਕ ਪਹੁੰਚ ਸਕਦੇ ਹਨ।

ਰੋਜ਼ਾਨਾ ਲੋਕ ਬਾਣੀ www.lokbani

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਖੇੜਾ ਰੋਡ ਵਿਖੇ ਕਰਵਾਇਆ 158ਵਾਂ ਮਹੀਨਾਵਾਰ ਸਮਾਗਮ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਖੇੜਾ ਰੋਡ ਫਗਵਾੜਾ ਵਲੋਂ ਸ. ਅਜੀਤ ਸਿੰਘ ਢਿੱਲੋਂ ਦੀ ਯਾਦ ਵਿਚ 158ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਐਨ.ਆਰ.ਆਈ. ਹਰਵਿੰਦਰ ਸਿੰਘ ਸੰਧੂ ਸਾਬਕਾ ਪ੍ਰਧਾਨ ਲੋਕ ਸੇਵਾ ਦਲ ਅਤੇ ਨਵ ਨਿਯੁਕਤ ਵਾਰਡ ਕੌਂਸਲਰ ਪਰਵਿੰਦਰ ਕੌਰ ਰਘਬੋਤਰਾ ਨੇ ਸ਼ਿਰਕਤ ਕੀਤੀ। ਉਹਨਾਂ ਨੇ 20 ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਦੀ ਹਾਜਰੀ 'ਚ ਸਮਾਗਮ ਦੇ ਪ੍ਰਬੰਧਕ ਅਤੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ 13 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦਾ ਵੱਡਮੁੱਲਾ ਯੋਗਦਾਨ ਮਿਲਦਾ ਹੈ। ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਸਮਾਗਮ ਦੌਰਾਨ ਸੁਸਾਇਟੀ ਦੇ ਵਿਛੜੇ ਸਾਥੀ ਸ਼੍ਰੀਮਾਨ ਬਹਾਦਰ ਨੂੰ ਦੋ ਮਿਨਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਬ੍ਰਿਜ ਮੋਹਨ ਪੁਰੀ, ਬ੍ਰਿਜ ਭੂਸ਼ਨ, ਮੋਹਨ ਲਾਲ ਤਨੇਜਾ, ਮਨੀਸ਼ ਕਨੌਜੀਆ, ਸੁਧਾ ਬੇਦੀ, ਐਸ.ਸੀ. ਚਾਵਲਾ, ਰਾਜਕੁਮਾਰ ਕਨੌਜੀਆ, ਰਵੀਕਾਂਤ ਸਹਿਗਲ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਵਿੱਚ ਵੱਖ-ਵੱਖ ਟੈਸਟਾਂ ਲਈ ਦੋ ਨਵੀਆਂ ਮਸ਼ੀਨਾਂ ਲਗਾਈਆਂ ਗਈਆਂ



ਫਗਵਾੜਾ (ਸੁਸ਼ੀਲ ਸ਼ਰਮਾ) ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਫਗਵਾੜਾ ਦੀ ਲੈਬ ਵਿੱਚ ਦੋ ਨਵੀਆਂ ਮਸ਼ੀਨਾਂ Erba EM-B@@, EL-I@ ਬਾਇਓਕੈਮਿਸਟਰੀ ਪ੍ਰੋਫਾਈਲ ਲਈ ਅਤੇ ਮੈਗਲੂਮੀ-800 ਸਰੀਰ ਦੇ ਹਾਰਮੋਨਲ ਪ੍ਰੋਫਾਈਲ ਜਿਵੇਂ ਕਿ ਥਾਇਰਾਇਡ, ਵਿਟਾਮਿਨ ਡੀ,ਵਿਟਾਮਿਨ ਬੀ-12 ਲਈ ਤਿਆਰ ਕੀਤੀਆਂ ਗਈਆਂ ਹਨ ਅਤੇ ਜਣਨ ਟੈਸਟ ਦੀ ਸਹੂਲਤ ਲਈ ਸਥਾਪਿਤ ਕੀਤਾ ਗਿਆ ਹੈ। ਨਵੀਆਂ ਮਸ਼ੀਨਾਂ ਦਾ ਰਸਮੀ ਉਦਘਾਟਨ ਕਰਦਿਆਂ ਟਰੱਸਟ ਦੇ ਮੁਖੀ ਪ੍ਰਦੀਪ ਧੀਮਾਨ ਨੇ ਦੱਸਿਆ ਕਿ ਇਨ੍ਹਾਂ ਮਸ਼ੀਨਾਂ ਨਾਲ ਮਰੀਜ਼ਾਂ ਦੀ ਜਾਂਚ ਬਹੁਤ ਘੱਟ ਰੇਟਾਂ ਤੇ ਕੀਤੀ ਜਾਵੇਗੀ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਟਰੱਸਟ ਹਸਪਤਾਲ ਵਿਖੇ ਉਪਲਬਧ ਸਸਤੇ ਅਤੇ ਮਿਆਰੀ ਇਲਾਜ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਬਖਸ਼ੀਸ਼ ਰਾਮ ਧੀਮਾਨ, ਜਸਪਾਲ ਸਿੰਘ ਲਾਲ,ਗੁਰਨਾਮ ਸਿੰਘ ਜੁਤਲਾ,ਰਜਿੰਦਰ ਸਿੰਘ ਰੂਪਰਾਏ,ਭੁਪਿੰਦਰ ਸਿੰਘ ਜੰਡੂ,ਇੰਦਰਜੀਤ ਸਿੰਘ ਮਠਾੜੂ, ਸੁਖਵਿੰਦਰ ਸਿੰਘ ਕੁੰਦੀ,ਅਮੋਲਕ ਸਿੰਘ ਝੀਤਾ ਤੋਂ ਇਲਾਵਾ ਡਾ. ਗੋਪਾਲ ਕੌਸ਼ਲ,ਡਾ.ਪਾਰੁਲ ਪਾਲ,ਜੋਤੀ,ਬਲਵਿੰਦਰ ਕੌਰ,ਵਿਕਰਮ ਰੂਪਰਾਏ ਅਤੇ ਬਲਵਿੰਦਰ ਸਿੰਘ ਰਤਨ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਟ੍ਰੈਫਿਕ ਨਿਯਮਾਂ ਦੀ ਪਾਲਣਾ ਦੇ ਨਾਲ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਵੀ ਕੀਤੀ ਹਦਾਇਤ




ਫਗਵਾੜਾ (ਸੁਸ਼ੀਲ ਸ਼ਰਮਾ) ਟ੍ਰੈਫਿਕ ਇੰਚਾਰਜ ਅਮਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਟ੍ਰੈਫਿਕ ਪੁਲਿਸ ਫਗਵਾੜਾ ਵਲੋਂ ਸਕੂਲ ਆਫ ਅਮੀਨੇਸ ਫਗਵਾੜਾ ਵਿਖੇ ਏ.ਐਸ. ਆਈ.ਪ੍ਰਮਿੰਦਰ ਸਿੰਘ ਦੇ ਵੱਲੋਂ ਬੱਚਿਆਂ ਅਤੇ ਅਧਿਆਪਕਾਂ ਨੂੰ ਸੜਕ ਅਤੇ ਟ੍ਰੈਫਿਕ ਨਿਯਮਾਂ ਦਾ ਸੈਮੀਨਾਰ ਲਗਾ ਕੇ ਜਾਣਕਾਰੀ ਦਿੱਤੀ ਗਈ ਲ ਪ੍ਰਮਿੰਦਰ ਸਿੰਘ ਨੇ ਬੱਚਿਆਂ ਅਤੇ ਅਧਿਆਪਕਾਂ ਨੂੰ ਟਰੈਫਿਕ ਨਿਯਮਾਂ ਸੰਬੰਧਤ ਸਮਝਾਇਆ ਤੇ ਦੱਸਿਆ ਕਿਵੇਂ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈਲ ਉਨ੍ਹਾਂ ਦੱਸਿਆ ਕਿ ਲੋਕ ਨਿਯਮਾਂ ਦੀ ਘੱਟ ਪਾਲਣਾ ਕਰਦੇ ਹਨਲ ਜਿਸ ਕਾਰਨ ਬਹੁਤ ਹਾਦਸੇ ਹੁੰਦੇ ਹਨ ਇਹਨਾਂ ਹਾਦਸਿਆਂ ਕਾਰਨ ਬਹੁਤ ਪਰਵਾਰਾਂ ਦੇ ਚਿਰਾਗ਼ ਬੁਝ ਗਏ ਹਨਲ ਜੇਕਰ ਅਸੀਂ ਇਹਨਾਂ ਹਾਦਸਿਆਂ ਤੋਂ ਬਚਣਾ ਹੈ ਤਾਂ ਸਾਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈਲ ਸਾਨੂੰ ਸਾਰੇ ਟ੍ਰੈਫਿਕ ਨਿਯਮਾਂ ਦਾ ਪਤਾ ਹੋਣਾ ਚਾਹੀਦਾ ਹੈਓ ਜਿਸ ਬਾਬਤ ਸਾਰੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਸਮਝਾਇਆ ਗਿਆ ਅਤੇ ਨਿਯਮਾਂ ਬਾਰੇ ਪ੍ਰਸ਼ਨ ਉੱਤਰ ਵੀ ਪੁੱਛੇ ਟਰੈਫਿਕ ਨਿਯਮਾਂ ਦੀ ਪਾਲਣਾ ਦੇ ਨਾਲ-ਨਾਲ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਹਦਾਇਤ ਵੀ ਕੀਤੀ ਗਈ⇩ ਇਸ ਮੌਕੇ ਏ.ਐਸ.ਆਈ.ਕੁਲਵਿੰਦਰ ਸਿੰਘ,ਏ. ਐਸ.ਆਈ.ਅਵਤਾਰ ਸਿੰਘ,ਸਕੂਲ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ,ਸ਼ਰੂਤੀ ਦੁੱਗਲ,ਮਨਜੀਤ ਕੌਰ,ਸਿਮਰਜੀਤ ਕੌਰ,ਗੀਤੂ ਗੋਗਨਾ,ਦੇਸ ਰਾਜ, ਕੁਲਵਿੰਦਰ ਕੁਮਾਰ,ਸਤਨਾਮ ਸਿੰਘ,ਸਤਵੰਤ ਟੂੰਰਾ,ਦੀਪਕ ਸਹਿਗਲ,ਪ੍ਰਵੀਨ ਬੁਤਾਂ,ਮਨੋਹਰ ਸਿੰਘ,ਕੁਲਦੀਪ ਸਿੰਘ, ਅਭਹੀਰਾਮ ਸਿਆਲ,ਦਿਨੇਸ਼ ਸਿੰਘ,ਵਿਨੋਦ ਕੁਮਾਰ ਮੌਜੂਦ ਸਨ⇩ ਪ੍ਰਿੰਸੀਪਲ ਵੱਲੋਂ ਸਾਰੀ ਟੀਮ ਨੂੰ ਸਨਮਾਨਤ ਕਰਕੇ ਉਹਨਾਂ ਦਾ ਧੰਨਵਾਦ ਕੀਤਾ⇩

ਰੋਜ਼ਾਨਾ ਲੋਕ ਬਾਣੀ www.lokbani

# ਆਮ ਆਦਮੀ ਪਾਰਟੀ 'ਚ ਹੋ ਰਹੀ ਫਗਵਾੜਾ ਹਲਕਾ ਇੰਚਾਰਜ ਬਦਲਣ ਦੀ ਤਿਆਰੀ



ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵਲੋਂ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਨੂੰ ਬਦਲਣ ਦੀ ਤਿਆਰੀ ਕੀਤੀ ਜਾ ਰਹੀ ਹੈ। ਜਿਸਦੀ ਹਾਮੀ ਪਾਰਟੀ ਦੇ ਲੋਕਲ ਚੇਅਰਮੈਨਾਂ ਨੇ ਵੀ ਆਨ ਰਿਕਾਰਡ ਭਰ ਦਿੱਤੀ ਹੈ। ਅੱਜ ਇੱਥੇ ਗੱਲਬਾਤ ਦੌਰਾਨ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਕਸ਼ਮੀਰ ਸਿੰਘ ਮੱਲ੍ਹੀ ਐਡਵੋਕੇਟ ਅਤੇ ਮਾਰਕਿਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਨੇ ਕਿਹਾ ਕਿ ਬਾਹਰੀ ਹਲਕਾ ਇੰਚਾਰਜ ਨੇ ਪਹਿਲਾਂ ਵੀ ਇੱਥੇ ਸੰਗਠਨ ਦਾ ਭਾਰੀ ਨੁਕਸਾਨ ਕੀਤਾ ਹੈ ਤੇ ਜੇਕਰ ਹੁਣ ਫਿਰ ਕਿਸੇ ਬਾਹਰੀ ਵਿਅਕਤੀ ਨੂੰ ਹਲਕਾ ਇੰਚਾਰਜ ਥਾਪਿਆ ਗਿਆ ਤਾਂ ਨਾ ਲੋਕਲ ਲੀਡਰਸ਼ਿਪ ਉਸਨੂੰ ਸਵੀਕਾਰ ਕਰੇਗੀ ਤੇ ਨਾ ਹੀ ਇੱਥੋਂ ਦੇ ਲੋਕ ਕਿਸੇ ਬਾਹਰੀ ਨੂੰ ਮੂੰਹ ਲਗਾਉਣਗੇ। ਉਹਨਾਂ ਦੱਸਿਆ ਕਿ ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਮੈਡਮ ਲਲਿਤ ਸਕਲਾਨੀ ਨੇ ਵੀ ਇਸ ਗੱਲ ਨਾਲ ਸਹਿਮਤੀ ਪ੍ਰਗਟਾਈ ਹੈ ਕਿ ਦੂਸਰੀਆਂ ਪਾਰਟੀਆਂ ਤੋਂ ਆਉਣ ਵਾਲੇ ਆਗੂ 'ਆਪ' ਪਾਰਟੀ ਦੀ ਵਿਚਾਰਧਾਰਾ ਦੀ ਬਜਾਏ ਰਵਾਇਤੀ ਪਾਰਟੀਆਂ ਦੀ ਆਪਣੀ ਪੁਰਾਣੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੁੰਦੇ ਹਨ, ਜਿਸ ਨੂੰ ਪਹਿਲਾਂ ਹੀ ਲੋਕ ਨੱਕਾਰ ਚੁੱਕੇ ਹਨ। 2022 ਦੀ ਪਿਛਲੀ ਵਿਧਾਨਸਭਾ ਚੋਣ ਵਿਚ ਵੀ ਇਹੋ ਕਾਰਨ ਸੀ ਕਿ ਜਿੱਥੇ ਪੰਜਾਬ ਵਿਚ ਆਪ ਪਾਰਟੀ ਦੀ ਪੂਰੀ ਲਹਿਰ ਸੀ, ਉੱਥੇ ਹੀ ਫਗਵਾੜਾ ਸੀਟ ਤੇ ਵੱਡੀ ਹਾਰ ਦਾ ਸਾਹਮਣਾ ਕਰਨਾ ਪਿਆ ਅਤੇ ਜੇਕਰ ਪਾਰਟੀ ਨੇ ਫਿਰ ਉਹੀ ਗਲਤੀ ਦੁਹਰਾਈ ਤਾਂ 2027 ਦੀਆਂ ਵਿਧਾਨਸਭਾ ਚੋਣਾਂ ਸਮੇਂ ਵੀ ਯਕੀਨੀ ਤੌਰ ਤੇ ਖਾਮਿਆਜਾ ਭੁਗਤਣਾ ਪਵੇਗਾ। ਇੱਥੇ ਜਿਕਰਯੋਗ ਹੈ ਕਿ ਇਸ ਸਮੇਂ ਫਗਵਾੜਾ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਹਨ, ਜਿਹਨਾਂ ਦਾ ਪਿਛੋਕੜ ਕਾਂਗਰਸ ਪਾਰਟੀ ਦੇ ਨਾਲ ਜੁੜਿਆ ਹੈ ਤੇ ਹੁਣ ਜਸਵੀਰ ਸਿੰਘ ਗੜ੍ਹੀ ਨੂੰ ਫਗਵਾੜਾ ਇੰਚਾਰਜ ਦੀ ਕਮਾਨ ਮਿਲਣ ਦੀ ਚਰਚਾ ਹੈ ਜੋ ਹਾਲ ਹੀ ਵਿਚ ਬਸਪਾ ਛੱਡ ਕੇ ਆਪ ਵਿਚ ਸ਼ਾਮਲ ਹੋਏ ਹਨ ਅਤੇ ਪਿਛਲੀਆਂ ਵਿਧਾਨਸਭਾ ਚੋਣਾਂ 'ਚ ਫਗਵਾੜਾ ਸੀਟ ਤੋਂ ਬਸਪਾ-ਸ਼੍ਰੋਮਣੀ ਅਕਾਲੀ ਦਲ (ਬ) ਗਠਜੋੜ ਦੇ ਸਾਂਝੇ ਉਮੀਦਵਾਰ ਵੀ ਸਨ ਪਰ ਵੋਟਰਾਂ ਨੇ ਬਾਹਰੀ ਉਮੀਦਵਾਰਾਂ ਦੀ ਬਜਾਏ ਕਾਂਗਰਸ ਪਾਰਟੀ ਦੇ ਉਮੀਦਵਾਰ ਬਲਵਿੰਦਰ ਸਿੰਘ ਧਾਲੀਵਾਲ ਨੂੰ ਦੂਸਰੀ ਵਾਰ ਵਿਧਾਇਕ ਬਣਾ ਕੇ ਪੰਜਾਬ ਵਿਧਾਨਸਭਾ ਵਿਚ ਭੇਜਿਆ। ਜੇਕਰ ਸੀਨੀਅਰ ਆਪ ਲੀਡਰਸ਼ਿਪ ਪੁਰਾਣੀਆਂ ਗਲਤੀਆਂ ਤੋਂ ਸਬਕ ਲੈਂਦੀ ਹੈ ਤਾਂ ਸੰਤੋਸ਼ ਕੁਮਾਰ ਗੋਗੀ ਅਤੇ ਅਸ਼ੋਕ ਭਾਟੀਆ ਦਾਅਵੇਦਾਰ ਹੋ ਸਕਦੇ ਹਨ। ਸੰਤੋਸ਼ ਗੋਗੀ 2017 ਵਿਚ ਫਗਵਾੜਾ ਸੀਟ ਤੋਂ ਆਪ ਪਾਰਟੀ ਦੇ ਉਮੀਦਵਾਰ ਰਹਿ ਚੁੱਕੇ ਹਨ ਜਦਕਿ ਅਸ਼ੋਕ ਭਾਟੀਆ ਇਸ ਸਮੇਂ ਜਿਲ੍ਹਾ ਕਪੂਰਥਲਾ ਦੇ ਸਕੱਤਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਇੱਥੇ ਦੱਸ ਦੇਈਏ ਕਿ ਹਲਕਾ ਇੰਚਾਰਜ ਹੀ ਸੰਭਾਵੀ ਤੌਰ ਤੇ ਅਗਲੀਆਂ ਚੋਣਾਂ ਵਿਚ ਪਾਰਟੀ ਦਾ ਉਮੀਦਵਾਰ ਮੰਨਿਆ ਜਾਂਦਾ ਹੈ ਅਤੇ ਫਗਵਾੜਾ ਵਿਧਾਨਸਭਾ ਹਲਕਾ ਐਸ. ਸੀ. (ਰਿਜਰਵ) ਸੀਟ ਹੋਣ ਕਰਕੇ ਇਹੀ ਦੋ ਵੱਡੇ ਚਿਹਰੇ ਹਨ ਜਿਹਨਾਂ ਨੂੰ ਹਲਕਾ ਇੰਚਾਰਜ ਥਾਪਿਆ ਜਾ ਸਕਦਾ ਹੈ। ਇਸ ਮੌਕੇ ਸੀਨੀਅਰ ਆਗੂ ਡਾ. ਜਤਿੰਦਰ ਸਿੰਘ ਪਰਹਾਰ, ਹਰਜਿੰਦਰ ਸਿੰਘ ਵਿਰਕ, ਸੰਤੋਸ਼ ਕੁਮਾਰ ਗੋਗੀ, ਅਸ਼ੋਕ ਭਾਟੀਆ, ਨਿਤਿਨ ਮਿੱਠੂ, ਗੁਰਦੀਪ ਸਿੰਘ, ਕੁਲਵਿੰਦਰ ਸਿੰਘ ਲੱਡੂ, ਹਰੀਓਮ ਗੁਪਤਾ, ਕੁਲਵਿੰਦਰ ਸਿੰਘ ਚੱਠਾ, ਆਸ਼ੂ ਜੱਸੀ, ਗੁਰਦੀਪ ਸੰਗਰ, ਵਿੱਕੀ ਸਿੰਘ ਆਦਿ ਵੀ ਹਾਜਰ ਸਨ।

# ਸਕੂਲੀ ਵਿਦਿਆਰਥਣਾਂ ਨੂੰ 'ਬੇਟੀ ਬਚਾਓ ਅਤੇ ਬੇਟੀ ਪੜ੍ਹਾਓ' ਮੁਹਿੰਮ ਤਹਿਤ ਕੀਤਾ ਜਾਗੂਰਕ



ਫ਼ਗਵਾੜਾ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਕਪੂਰਥਲਾ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕਪੂਰਥਲਾ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਂਜਲੀ ਵਿਖੇ 'ਬੇਟੀ ਬਚਾਓ ਅਤੇ ਬੇਟੀ ਪੜ੍ਹਾਓ' ਮੁਹਿੰਮ ਅਧੀਨ ਬੱਚੀਆਂ ਨੂੰ ਸਪਾਂਸਰਸ਼ਿਪ,ਬਾਲ ਵਿਆਹ, ਜਿਨਸੀ ਸ਼ੋਸਣ,ਬਾਲ ਮਜ਼ਦੂਰੀ,ਬਾਲ ਤਸਕਰੀ ਵਿਰੁੱਧ,ਚਾਈਲਡ ਹੈੱਲਪਲਾਈਨ ਨੰਬਰ 1098 ਅਤੇ ਬੱਚੀਆਂ ਨਾਲ ਸਬੰਧਿਤ ਕਾਨੂੰਨਾਂ ਆਦਿ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।

ਬੁਲਾਰੇ ਨੇ ਦੱਸਿਆ ਕਿ 'ਬੇਟੀ ਬਚਾਓ, ਬੇਟੀ ਪੜ੍ਹਾਓ' ਸਕੀਮ ਤਹਿਤ ਸਕੂਲੀ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵਲੋਂ ਦਿੱਤੀਆਂ ਜਾਂਦੀ ਲੋਕਪੱਖੀ ਸਕੀਮਾਂ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਗਈ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਦਾ ਮੁੱਖ ਮਕਸਦ ਲਿੰਗ ਅਨੁਪਾਤ ਵਿਚ ਸੁਧਾਰ ਲਿਆਉਣਾ ਅਤੇ ਔਰਤਾਂ ਨੂੰ ਆਤਮ-ਨਿਰਭਰ ਤੇ ਸ਼ਕਤੀਸ਼ਾਲੀ ਬਨਾਉਣ ਦੇ ਨਾਲ-ਨਾਲ ਸਮਾਜ ਵਿਚ ਅੱਗੇ ਵੱਧਣ ਦੇ ਮੌਕੇ ਦੇਣ ਦੀ ਇੱਕ ਕੋਸ਼ਿਸ਼ ਹੈ।

ਬਾਲ ਸੁਰੱਖਿਆ ਅਤੇ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਲੋਕਾਂ ਨੂੰ ਇਸ ਮੁਹਿੰਮ ਨੂੰ ਸਫਲ ਬਣਾਉਣ 'ਚ ਆਪਣਾ ਅਹਿਮ ਯੋਗਦਾਨ ਦੇਣ ਦੀ ਅਪੀਲ ਵੀ ਕੀਤੀ।

# ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪੰਜਾਬ ਚੋਣ ਕੁਇੱਜ਼-2025 ਲਈ ਜ਼ੋਰਦਾਰ ਤਿਆਰੀਆਂ




ਫ਼ਗਵਾੜਾ (ਸੁਸ਼ੀਲ ਸ਼ਰਮਾ) ਸਹਾਇਕ ਕਮਿਸ਼ਨਰ ਕਪਿਲ ਜਿੰਦਲ ਨੇ ਅੱਜ 15ਵੇਂ ਰਾਸ਼ਟਰੀ ਵੋਟਰ ਦਿਵਸ ਨੂੰ ਸਮਰਪਿਤ ਪੰਜਾਬ ਚੋਣ ਕੁਇੱਜ਼-2025 ਮੁਕਾਬਲੇ ਵਿਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ ਨੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਣੂੰ ਕਰਵਾਉਣ ਦੇ ਨਾਲ-ਨਾਲ ਪੰਜਾਬ ਚੋਣ ਕੁਇੱਜ਼-2025 ਮੁਕਾਬਲੇ ਵਿਚ ਭਾਗ ਲੈਣ ਲਈ ਵੀ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਵੱਡੇ ਪੱਧਰ 'ਤੇ ਜ਼ਿਲ੍ਹੇ ਦੇ ਲੋਕਾਂ ਦੀ ਮੁਕਾਬਲੇ ਵਿਚ ਹਿੱਸੇਦਾਰੀ ਦਰਜ ਕੀਤੀ ਜਾ ਸਕੇ।

ਉਨ੍ਹਾਂ ਦੱਸਿਆ ਕਿ ਪੰਜਾਬ ਚੋਣ ਕੁਇੱਜ਼-2025 ਆਨਲਾਈਨ ਅਤੇ ਆਫ਼ਲਾਈਨ ਦੋਵਾਂ ਢੰਗਾਂ ਨਾਲ ਕਰਵਾਇਆ ਜਾ ਰਿਹਾ ਹੈ, ਜਿਸ ਲਈ ਆਨਲਾਈਨ ਰਜਿਸਟ੍ਰੇਸ਼ਨ https://Punjab.indiastatquiz.com 'ਤੇ 17 ਜਨਵਰੀ, 2025 ਤੱਕ ਕਰਵਾਈ ਜਾ ਸਕਦੀ ਹੈ।

ਜ਼ਿਕਰਯੋਗ ਹੈ ਕਿ ਇਹ ਆਨਲਾਈਨ ਚੋਣ ਕੁਇੱਜ਼ ਮੁਕਾਬਲਾ 19 ਜਨਵਰੀ, 2025 ਨੂੰ ਹੋਵੇਗਾ ਅਤੇ ਰਾਜ ਪੱਧਰੀ ਆਫ਼ਲਾਈਨ ਮੁਕਾਬਲਾ 24 ਜਨਵਰੀ,2025 ਨੂੰ ਲੁਧਿਆਣਾ ਵਿਖੇ ਹੋਵੇਗਾ।

ਪਹਿਲੇ ਗੇੜ ਵਿੱਚ ਜੇਤੂਆਂ ਦੀ ਪਛਾਣ ਜ਼ਿਲ੍ਹਾ ਪੱਧਰ ਤੇ ਆਨਲਾਈਨ ਮੁਕਾਬਲੇ ਤਹਿਤ ਕੀਤੀ ਜਾਵੇਗੀ ਅਤੇ ਅੰਤਿਮ ਆਫ਼ਲਾਈਨ ਮੁਕਾਬਲਾ 24 ਜਨਵਰੀ, 2025 ਨੂੰ ਲੁਧਿਆਣਾ ਵਿਖੇ 23 ਜ਼ਿਲ੍ਹਿਆਂ ਦੇ ਜੇਤੂਆਂ ਵਿਚਕਾਰ ਹੋਵੇਗਾ।

ਪਹਿਲੇ ਜੇਤੂ ਨੂੰ ਇੱਕ ਵਿੰਡੋਜ਼ ਲੈਪਟਾਪ, ਦੂਜੇ ਜੇਤੂ ਨੂੰ ਐਂਡਰਾਇਡ ਟੈਬਲੇਟ, ਤੀਜਾ ਜੇਤੂ ਨੂੰ ਇੱਕ ਸਮਾਰਟ ਵਾਚ ਅਤੇ ਪੰਜਾਬ ਦੇ ਹਰੇਕ ਜ਼ਿਲ੍ਹੇ ਦੇ ਟੌਪਰ ਲਈ ਇੱਕ ਸਮਾਰਟਫੋਨ ਸ਼ਾਮਲ ਹਨ ਅਤੇ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਸਰਟੀਫਿਕੇਟ ਪ੍ਰਾਪਤ ਹੋਵੇਗਾ।

ਇਸ ਮੌਕੇ ਜ਼ਿਲ੍ਹਾ ਪੱਧਰ ਦੇ ਸਵੀਪ ਨੋਡਲ ਅਫਸਰ ਤੇ ਹੋਰ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

# ਨਵੀਆਂ ਕਲਮਾਂ ਨਵੀਂ ਉਡਾਣ ਮੁਹਿੰਮ ਚ ਮੀਡੀਆ ਕੋਆਰਡੀਨੇਟਰ ਹੋਣਗੇ ਮਜਬੂਤ ਕੜੀ




ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਭਵਨ ਕੈਨੇਡਾ ਦੀ ਅਗਵਾਈ ਚ ਆਪਣੀ ਮਾਤ ਭੂਮੀ ਤੋਂ ਮਾਂ ਬੋਲੀ ਪੰਜਾਬੀ ਤੇ ਹੋਰ ਸਾਹਿਤਕ ਵੰਨਗੀਆਂ ਦੀ ਜਾਗੋ ਲੈ ਕੇ ਤੁਰੇ ਕਾਫ਼ਲੇ ਚ ਪੰਜਾਬ ਦੇ ਬੁੱਧੀਜੀਵੀ ਵਰਗ ਦੇ ਕਦਮ ਨਾਲ ਕਦਮ ਮਿਲਾ ਕੇ ਚੱਲਣ ਨਾਲ ਮੈਨੂੰ ਇਕ ਵੱਡਾ ਬਲ ਤੇ ਸਕੂਨ ਮਿਲਿਆ। ਪੰਜਾਬ ਭਰ ਚ ਇਸ ਸਮੇਂ ਨਵੀਆਂ ਕਲਮਾਂ,ਨਵੀਂ ਉਡਾਣ ਦੀਆਂ ਟੀਮਾਂ ਚ ਮੀਡੀਆ ਕੋਆਰਡੀਨੇਟਰਾਂ ਦੀ ਅਹਿਮ ਭੂਮਿਕਾ ਹੋਵੇਗੀ,ਜੋ ਇਸ ਮੁਹਿੰਮ ਦਾ ਹਿੱਸਾ ਬਣੇ ਬਾਲੜਿਆ ਦੀਆਂ ਰਚਨਾਵਾਂ ਤੇ ਇਸ ਸਬੰਧੀ ਹੋਣ ਵਾਲੇ ਸਮਾਗਮਾਂ ਨੂੰ ਪ੍ਰਿੰਟ ਤੇ ਇਲੈਕਟ੍ਰੋਨਿਕ ਮੀਡੀਆ ਤੇ ਸੋਸ਼ਲ ਮੀਡੀਏ ਰਾਹੀਂ ਲੋਕਾਂ ਤੱਕ ਪਹੁੰਚਾਉਣ ਚ ਭੂਮਿਕਾ ਨਿਭਾਉਣਗੇ। ਲਅੱਜ ਦੇ ਸਮੇਂ ਚ ਪੂਰੀ ਦੁਨੀਆਂ ਚ ਮੀਡੀਏ ਦੀ ਅਹਿਮ ਭੂਮਿਕਾ ਹੈ ਤੇ ਮੈਂ ਦਿਲੀ ਭਾਵਨਾ ਨਾਲ ਸਮੂਹ ਕੋਆਰਡੀਨੇਟ ਟੀਮ ਨੂੰ ਮੁਬਾਰਕਬਾਦ ਦਿੰਦਾ ਹਾਂ ਤੇ ਆਸ ਕਰਦਾ ਹੈ ਇਸ ਟੀਮ ਦੇ ਯਤਨ ਮੁਹਿੰਮ ਲਈ ਤੇ ਮੇਰੇ ਲਈ ਅਗਲੇਰੇ ਕਦਮ ਚੱਲਣ ਵਾਸਤੇ ਰਾਹ ਦਸੇਰਾ ਬਣਨਗੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਅਲਾਇੰਸ ਕਲੱਬ ਫਗਵਾੜਾ ਰਾਇਲ ਨੇ ਸਿਵਲ ਹਸਪਤਾਲ 'ਚ ਮਰੀਜਾਂ ਨੂੰ ਵਰਤਾਈ ਦੁੱਧ, ਰਸ, ਬਿਸਕੁਟ ਤੇ ਫਲਾਂ ਦੀ ਸੇਵਾ




ਫਗਵਾੜਾ ( ਸੁਸ਼ੀਲ ਸ਼ਰਮਾ ) ਅਲਾਇੰਸ ਕਲੱਬ ਫਗਵਾੜਾ ਰਾਇਲ ਵਲੋਂ ਸੀਨੀਅਰ ਮੈਂਬਰ ਐਲੀ ਮੀਨਾ ਰਾਣੀ ਦੇ ਜਨਮ ਦਿਨ ਮੌਕੇ ਸਿਵਲ ਹਸਪਤਾਲ ਫਗਵਾੜਾ ਵਿਖੇ ਮਰੀਜਾ ਨੂੰ ਗਰਮ ਦੁੱਧ, ਰਸ, ਬਿਸਕੁਟ ਅਤੇ ਫਲ ਵੰਡੇ ਗਏ। ਐਲੀ ਮੀਨਾ ਰਾਣੀ ਅਤੇ ਹੋਰਨਾਂ ਨੇ ਮਰੀਜਾਂ ਦਾ ਹਾਲਚਾਲ ਪੁੱਛਿਆ ਅਤੇ ਉਹਨਾਂ ਦੀ ਜਲਦੀ ਸਿਹਤਯਾਬੀ ਦੀ ਅਰਦਾਸ ਕੀਤੀ। ਇਸ ਦੌਰਾਨ ਮੌਜੂਦ ਰਹੇ ਬੱਲਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ, ਜਲ ਸੇਵਾ ਸੰਮਤੀ ਦੇ ਪ੍ਰਧਾਨ ਵਿਪਨ ਖੁਰਾਣਾ ਅਤੇ ਸਮਾਜ ਸੇਵਕ ਮੋਹਨ ਲਾਲ ਤਨੇਜਾ ਨੇ ਅਲਾਇੰਸ ਕਲੱਬ ਰਾਇਲ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਜੈਕਟ ਸਮੂਹ ਸਮਾਜ ਅਤੇ ਸੋਸ਼ਲ ਜੱਥੇਬੰਦੀਆਂ ਲਈ ਪ੍ਰੇਰਣਾ ਦੇਣ ਵਾਲੇ ਹੁੰਦੇ ਹਨ। ਕਲੱਬ ਪ੍ਰਧਾਨ ਵਰੁਣ ਕੁਮਾਰ ਵਧਾਵਨ ਨੇ ਇਸ ਪ੍ਰੋਜੈਕਟ ਦੀ ਡਾਇਰੈਕਟਰ ਐਲੀ ਮੀਨਾ ਰਾਣੀ ਨੂੰ ਜਨਮ ਦਿਨ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਦੱਸਿਆ ਕਿ ਉਹਨਾਂ ਦੇ ਕਲੱਬ ਦੇ ਸਮੂਹ ਮੈਂਬਰਾਂ ਵਲੋਂ ਆਪਣੀ ਖੁਸ਼ੀ ਦੇ ਮੌਕੇ ਇਸੇ ਤਰ੍ਹਾਂ ਸਮਾਜ ਸੇਵਾ ਕਰਦਿਆਂ ਮਨਾਏ ਜਾਂਦੇ ਹਨ। ਕਲੱਬ ਵਲੋਂ ਲੋੜਵੰਦ ਮਰੀਜਾਂ ਨੂੰ ਦਵਾਈਆਂ ਅਤੇ ਇਲਾਜ ਲਈ ਆਰਥਕ ਸਹਿਯੋਗ ਵੀ ਦਿੱਤਾ ਗਿਆ। ਇਸ ਮੌਕੇ ਨਗਰ ਕੌਂਸਲਰ ਪ੍ਰਿੰਸ, ਕਰਨ ਸੋਂਧੀ, ਪਦਮ ਲਾਲ, ਸਾਕਸ਼ੀ, ਜਯੋਤੀ ਕੋਛੜ, ਰਾਧੇਸ਼ ਆਦਿ ਹਾਜਰ ਸਨ।

# ਭਾਰਤੀ ਹਵਾਈ ਸੈਨਾ ਵਲੋਂ ਅਗਨੀਵੀਰ ਦੀ ਰਜਿਸਟ੍ਰੇਸ਼ਨ

## ਚਾਹਵਾਨ ਉਮੀਦਵਾਰ ਆਨ ਲਾਈਨ ਕਰ ਸਕਦੇ ਨੇ ਅਪਲਾਈ



ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਅੰਬਾਲਾ ਕੈਂਟ ਵਲੋਂ ਵੱਖ-ਵੱਖ ਰਾਜਾਂ ਵਿਚੋਂ ਅਗਨੀਵੀਰਾਂ ਦੀ ਭਰਤੀ ਦੇ ਲਈ ਆਨ ਲਾਈਨ ਰਜਿਸਟ੍ਰੇਸ਼ਨ ਸ਼ੁਰੂ ਕਰ ਦਿੱਤੀ ਗਈ ਹੈ।


ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਰਾਜਨ ਸ਼ਰਮਾ ਨੇ ਦੱਸਿਆ ਕਿ 01 ਜਨਵਰੀ 2005 ਤੋਂ 01 ਜੁਲਾਈ 2008 ਦਰਮਿਆਨ ਜਨਮੇ ਉਮੀਦਵਾਰ ਜਿਨ੍ਹਾਂ ਦੀ ਵਿਦਿਅਕ ਯੋਗਤਾ ਸਾਇੰਸ ਵਿਸ਼ਿਆਂ ਵਿੱਚ 10+2 ਨਾਨ-ਮੈਡੀਕਲ / ਮਕੈਨੀਕਲ, ਇਲੈਕਟ੍ਰੀਕਲ, ਇਲੈਕਟ੍ਰਾਨਿਕਸ, ਆਟੋਮੋਬਾਈਲ, ਕੰਪਿਊਟਰ ਸਾਇੰਸ, ਇੰਸਟਰੂਮੈਂਟ ਟੈਕਨਾਲੋਜੀ ਅਤੇ ਇਨਫਰਮੇਸ਼ਨ ਟੈਕਨਾਲੋਜੀ ਵਿੱਚ ਤਿੰਨ ਸਾਲ ਦਾ ਡਿਪਲੋਮਾ ਹੋਲਡਰ ਜਾਂ ਜਿਨ੍ਹਾਂ ਨੇ ਦੋ ਸਾਲ ਦਾ ਵੋਕੇਸ਼ਨਲ ਕੋਰਸ/ਨਾਨ ਵੋਕੇਸ਼ਨਲ ਵਿਸ਼ੇ ਮੈਥੇਮੈਟਿਕਸ ਅਤੇ ਫਿਜ਼ਿਕਸ ਨਾਲ ਪਾਸ ਕੀਤਾ ਹੋਵੇ, ਭਰਤੀ ਲਈ ਅਪਲਾਈ ਕਰ ਸਕਦੇ ਹਨ।

ਇਸ ਤੋਂ ਇਲਾਵਾ ਉਹ ਪ੍ਰਾਰਥੀ ਜਿਨ੍ਹਾਂ ਨੇ ਸਾਇੰਸ ਤੋਂ ਇਲਾਵਾ ਦੂਸਰੇ ਵਿਸ਼ੇ ਜਿਵੇਂ ਕਿਸੇ ਵੀ ਸਟਰੀਮ ਵਿੱਚ ਘੱਟੋ-ਘੱਟ 50% ਕੁੱਲ ਅੰਕ ਹਾਸਲ ਕਰਨ ਦੇ ਨਾਲ ਅੰਗਰੇਜ਼ੀ ਵਿਸ਼ੇ ਵਿੱਚ ਵੀ ਘੱਟੋ-ਘੱਟ 50% ਅੰਕ ਹਾਸਲ ਕੀਤੇ ਹੋਣ ਜਾਂ ਘੱਟੋ-ਘੱਟ 50% ਕੁੱਲ ਅੰਕਾਂ ਦੇ ਨਾਲ-ਨਾਲ ਅੰਗਰੇਜ਼ੀ ਵਿਸ਼ੇ ਵਿੱਚ ਘੱਟੋ-ਘੱਟ 50% ਅੰਕ ਪ੍ਰਾਪਤ ਕਰਕੇ ਦੋ ਸਾਲਾ ਵੋਕੇਸ਼ਨਲ ਕੋਰਸ ਪਾਸ ਕੀਤਾ ਹੋਵੇ ਵੀ ਉਪਰੋਕਤ ਦਰਸਾਏ ਲਿੰਕ 'ਤੇ ਰਜਿਸਟ੍ਰੇਸ਼ਨ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਾਇੰਸ ਵਿਸ਼ਿਆਂ ਨਾਲ ਯੋਗ ਪ੍ਰਾਰਥੀਆਂ ਦੂਸਰੇ ਵਿਸ਼ਿਆਂ ਲਈ ਵੀ ਯੋਗ ਹੋਣਗੇ ਅਤੇ ਉਨ੍ਹਾਂ ਨੂੰ ਦੂਸਰੇ ਟੈਸਟ ਦੇਣ ਦੀ ਆਪਸ਼ਨ ਦਿੱਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਚਾਹਵਾਨ ਉਮੀਦਵਾਰ https://agnipathvaju.cdac.in 'ਤੇ 07 ਜਨਵਰੀ 2025 ਤੋਂ ਲੈਕੇ 27 ਜਨਵਰੀ 2025 ਤੱਕ ਅਪਲਾਈ ਕਰ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਪ੍ਰਾਰਥੀ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 9.00 ਵਜੇ ਤੋਂ ਸ਼ਾਮ 5 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪੰਜਵੀ ਮੰਜਿਲ , ਨਵਾਂ ਪ੍ਰਬੰਧਕੀ ਕੰਪਲੈਕਸ ਕਪੂਰਥਲਾ ਵਿਖੇ ਪਹੁੰਚ ਕੇ ਜਾਂ ਦਫਤਰ ਦੇ ਹੈਲਪਲਾਈਨ ਨੰਬਰ 988219247 ਉਪਰ ਸੰਪਰਕ ਕਰ ਸਕਦੇ ਹਨ।

# ਮਾਘੀ ਦਾ ਸਲਾਨਾ ਜੋੜ ਮੇਲਾ 14 ਜਨਵਰੀ ਦਿਨ ਮੰਗਲਵਾਰ ਨੂੰ ਡੇਰਾ ਈਸਪੁਰ ਵਿਖੇ ਮਨਾਇਆ ਜਾਵੇਗਾ-ਸ਼੍ਰੀ 108 ਸੰਤ ਹਰਵਿੰਦਰ ਦਾਸ ਜੀ






ਫ਼ਗਵਾੜਾ-ਈਸਪੁਰ (ਸੁਸ਼ੀਲ ਸ਼ਰਮਾ) ਡੇਰਾ ਸੱਚਖੰਡ ਦੁੱਧਾਧਾਰੀ ਬ੍ਰਹਮਲੀਨ 108 ਸੰਤ ਮੰਗਲ ਦਾਸ ਜੀ ਈਸਪੁਰ (ਹੁਸ਼ਿਆਰਪੁਰ) ਦੇ ਮੌਜੂਦਾ ਗੱਦੀ ਨਸ਼ੀਨ ਸ਼੍ਰੀ 108 ਸੰਤ ਹਰਵਿੰਦਰ ਦਾਸ ਜੀ ਮਹਾਰਾਜ ਨੇ ਦੱਸਿਆ ਹੈ ਕਿ ਸੰਤਾਂ ਮਹਾਂਪੁਰਸ਼ਾਂ ਦੀ ਚਲਦੀ ਆ ਰਹੀ ਪ੍ਰੰਮਪਰਾ ਅਨੁਸਾਰ ਮਾਘੀ ਸਲਾਨਾ ਜੋੜ ਮੇਲਾ ਮਿਤੀ 14 ਜਨਵਰੀ ਦਿਨ ਮੰਗਲਵਾਰ ਨੂੰ ਡੇਰਾ ਦੁੱਧਾਧਾਰੀ ਈਸਪੁਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਇਸ ਜੋੜ ਮੇਲੇ ਵਿੱਚ ਆਏ ਹੋਏ ਸੰਤ ਮਹਾਂਪੁਰਸ਼ ਅਤੇ ਕੀਰਤਨੀ ਜੱਥੇ ਗੁਰੂ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ। ਸੰਗਤਾਂ ਦੇ ਲਈ ਗੁਰੂ ਕਾ ਲੰਗਰ ਅਤੁੱਟ ਵਰਤਗੇ ਜੀ। ਸਮੂਹ ਇਲਾਕੇ ਦੀਆਂ ਸੰਗਤਾਂ ਅਤੇ ਦੇਸ਼ ਵਿਦੇਸ਼ ਵਿੱਚ ਵਸਦੀਆਂ ਸੰਗਤਾਂ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਮਾਘੀ ਸਲਾਨਾ ਜੋੜ ਮੇਲੇ ਵਿੱਚ ਪੁੱਜ ਕੇ ਸਤਿਸੰਗ ਸੁਣੋ ਅਤੇ ਆਪਣਾ ਜੀਵਨ ਸਫਲਾ ਕਰੋ ਜੀ।

# ਹਰ ਮੈਦਾਨ ਫਤਿਹ ਕਰਨ ਵਾਲੇ ,ਹੌਂਸਲਿਆਂ ਦੀ ਭਰਮਾਰ ਵਾਲੀ ਉੱਘੀ ਸ਼ਖ਼ਸੀਅਤ ਸ.ਜਤਿੰਦਰ ਸਿੰਘ ਖ਼ਾਲਸਾ ਜੀ ਨਾਲ ਅਦਬੀ ਮੁਲਾਕਾਤ

ਫਗਵਾੜਾ (ਸੁਸ਼ੀਲ ਸ਼ਰਮਾ) ਕਹਿੰਦੇ ਨੇ ਕਿ ਜੋ ਤਕਦੀਰਾਂ ਤੋਂ ਪਾਰ ਹੋ ਕੇ ਹੌਂਸਲਿਆਂ ਦੀ ਉਡਾਣ ਭਰਦੇ ਹਨ,ਬੇਸ਼ਰਤੇ ਉਹ ਹਰ ਮੈਦਾਨ ਫਤਿਹ ਕਰਦੇ ਹਨ। ਅਜਿਹੇ ਹੀ ਇੱਕ ਸ਼ਖ਼ਸ ਨਾਲ ਆਪ ਜੀ ਨੂੰ ਰੂਬਰੂ ਕਰਵਾਉਣ ਜਾ ਰਹੇ ਹਾਂ, ਜਿਸਨੇ ਬੇਸ਼ੱਕ ਹਰ ਮੈਦਾਨ ਫਤਿਹ ਕੀਤਾ ਹੈ। ਉਸ ਸ਼ਖਸ ਦਾ ਨਾਂ ਹੈ ਸ.ਜ਼ਤਿੰਦਰ ਸਿੰਘ ਖਾਲਸਾ। ਸਜਤਿੰਦਰ ਸਿੰਘ ਖ਼ਾਲਸਾ ਫਗਵਾੜਾ ਸ਼ਹਿਰ ਦੀ ਉੱਘੀ ਅਤੇ ਜਾਣੀ ਪਛਾਣੀ ਸ਼ਖ਼ਸੀਅਤ ਹਨ। ਉਹ ਸਿਹਤ ,ਸਿੱਖਿਆ, ਵਾਤਾਵਰਨ ਅਤੇ ਸਾਹਿਤਕ ਗਤੀਵਿਧੀਆਂ ਦੇ ਨਾਲ-ਨਾਲ ਮਹਾਨ ਕੀਰਤਨ ਦਰਬਾਰਾਂ ਅਤੇ ਨਗਰ ਕੀਰਤਨ ਦਰਬਾਰਾਂ ਦਾ ਆਯੋਜਨ ਕਰਵਾ ਕੇ ਵੱਖ-ਵੱਖ ਵਰਗਾਂ ਦੀ ਸੇਵਾ ਕਰ ਰਹੇ ਹਨ। ਕਰੋਨਾ ਵਾਇਰਸ ਮਹਾਂਮਾਰੀ ਦੌਰਾਨ ਵੀ ਲੋੜਵੰਦਾਂ ਲਈ ਲੰਗਰ, ਆਰਥਿਕ ਸਹਾਇਤਾ ਅਤੇ ਰਾਸ਼ਨ ਦੀ ਸੇਵਾ ਕਰਕੇ ਆਪਣਾ ਬਣਦਾ ਯੋਗਦਾਨ ਪਾਉਂਦੇ ਰਹੇ ਹਨ।ਅੱਜਕੱਲ ਵਾਤਾਵਰਣ ਦੀ ਸੰਭਾਲ ਲਈ ਵੱਖ-ਵੱਖ ਪਾਰਕਾਂ,ਖਾਲੀ ਜਗ੍ਹਾਂ ਅਤੇ ਇਤਿਹਾਸਕ ਸਥਾਨਾਂ ਤੇ ਬੂਟੇ ਲਗਾ ਕੇ ਆਪਣਾ ਬਣਦਾ ਯੋਗਦਾਨ ਪਾ ਰਹੇ ਹਨ। ਸੰਗੀਤ ਅਤੇ ਗੁਰਬਾਣੀ ਕੀਰਤਨ ਨਾਲ ਅਥਾਹ ਪਿਆਰ ਕਰਨ ਵਾਲੇ, ਵਾਤਾਵਰਣ ਦੀ ਸੰਭਾਲ ਅਤੇ ਹਰਿਆਲੀ ਲਈ ਬੂਟੇ ਲਗਾਉਣਾ,ਕੁਦਰਤ ਨਾਲ ਅਥਾਹ ਪਿਆਰ,ਬਹੁਤ ਹੀ ਪਿਆਰੀ ਰੂਹ ਖਾਲਸਾ ਜੀ ਹਰ ਵਿਅਕਤੀ ਨੂੰ ਪਹਿਲੀ ਮਿਲਣੀ ਦੌਰਾਨ ਹੀ ਆਪਣਾ ਬਣਾ ਲੈਂਦੇ ਹਨ,ਹਰ ਵਿਅਕਤੀ ਦੇ ਕੰਮ ਆਓਂਣਾ ਉਨ੍ਹਾਂ ਦੇ ਸੁਭਾਅ ਵਿੱਚ ਹੈ। ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਵਿਖੇ ਕਰਵਾਏ ਜਾਂਦੇ ਸਮਾਗਮਾਂ ਵਿੱਚ ਵੱਧ ਚੜ ਕੇ ਆਪਣਾ ਯੋਗਦਾਨ ਪਾਉਂਦੇ ਹਨ। ਸ.ਖ਼ਾਲਸਾ ਤੇ ਵਾਹਿਗੁਰੂ ਜੀ ਅਤੇ ਧੰਨ-ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਅਪਾਰ ਕਿਰਪਾ ਹੈ। ਸੰਨ 1971 ਈਸਵੀ ਨੂੰ ਹੁਸ਼ਿਆਰਪੁਰ ਜਿਲ੍ਹੇ ਦੇ ਪਿੰਡ ਹੰਬੜਾਂ ਵਿੱਚ ਸ.ਬ੍ਰਹਮਾ ਸਿੰਘ ਹੈਡਮਾਸਟਰ ਅਤੇ ਮਾਤਾ ਗੁਰਬਖ਼ਸ਼ ਕੌਰ ਦੇ ਘਰ ਜਨਮੇ ਜਤਿੰਦਰ ਸਿੰਘ ਖਾਲਸਾ ਨੇ ਆਪਣੀ ਪੜ੍ਹਾਈ ਦੌਰਾਨ ਹੀ ਅਨੇਕਾਂ ਸਾਹਿਤਕ,ਧਾਰਮਿਕ ਅਤੇ ਸਮਾਜ ਸੁਧਾਰਕ ਗਤੀਵਿਧੀਆਂ ਵਿੱਚ ਹਿੱਸਾ ਲੈਣਾ ਸ਼ੁਰੂ ਕਰ ਦਿੱਤਾ ਸੀ। ਉਹ ਕਾਲਜ ਸਮੇਂ ਹੀ ਪੰਜਾਬੀ ਸਾਹਿਤ ਸਭਾ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਸ਼੍ਰੀ ਗੁਰੂ ਰਵਿਦਾਸ ਐਸੋਸੀਏਸ਼ਨ ਅਤੇ ਐਨ.ਐਸ.ਐਸ.ਦੇ ਸਰਗਰਮ ਮੈਂਬਰ ਰਹੇ ਹਨ। ਉਹ ਅੰਤਰ ਕਾਲਜ ਗਰੁੱਪ ਸ਼ਬਦ ਗਾਇਨ,ਕੁਇਜ਼,ਨਾਟਕ ਅਤੇ ਕਵਿਤਾ ਆਦਿ ਮੁਕਾਬਲਿਆ ਵਿੱਚ ਇਨਾਮ ਜਿੱਤ ਕੇ ਕਾਲਜ ਦਾ ਨਾਮ ਰੌਸ਼ਨ ਕਰਦੇ ਰਹੇ ਹਨ। ਅੱਜ ਕਲ ਉਹ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਦੇ ਚੇਅਰਮੈਨ,ਬਾਬਾ ਜੋਰਾਵਰ ਸਿੰਘ-ਬਾਬਾ ਫਤਿਹ ਸਿੰਘ ਵੈਲਫੇਅਰ ਸੁਸਾਇਟੀ (ਰਜ਼ਿ) ਦੇ ਪ੍ਰਧਾਨ,ਬਾਬਾ ਸੰਗਤ ਸਿੰਘ ਖਾਲਸਾ ਦਲ (ਰਜ਼ਿ) ਪੰਜਾਬ ਦੇ ਮੀਤ ਪ੍ਰਧਾਨ,ਸ੍ਰੀ ਗੁਰੂ ਹਰਗੋਬਿੰਦ ਸਾਹਿਬ ਵੈਲਫੇਅਰ ਸੁਸਾਇਟੀ ਫਗਵਾੜਾ ਦੇ ਪ੍ਰਧਾਨ,ਪ੍ਰਾਈਵੇਟ ਕਾਲਜ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਦੇ ਕਪੂਰਥਲਾ ਜਿਲ੍ਹੇ ਦੇ ਪ੍ਰਧਾਨ ਵਜੋਂ ਆਪਣੀਆਂ ਸੇਵਾਵਾਂ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ।

ਸ.ਜਤਿੰਦਰ ਸਿੰਘ ਖਾਲਸਾ ਦੀ ਅਣਥੱਕ ਸੇਵਾ ਭਾਵਨਾ ਨੂੰ ਦੇਖਦਿਆਂ ਉਨ੍ਹਾਂ ਨੂੰ ਹੁਣ ਤੱਕ ਕਈ ਇਨਾਮਾਂ ਸਨਮਾਨਾਂ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਉਨ੍ਹਾਂ ਨੂੰ ਸਨਮਾਨਿਤ ਕਰਨ ਵਾਲੀਆਂ ਸੰਸਥਾਵਾਂ ਵਿੱਚੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,ਮੀਰੀ ਪੀਰੀ ਇੰਟਰਨੈਸ਼ਨਲ ਢਾਡੀ ਸਭਾ ਪੰਜਾਬ, ਨਿਸ਼ਚੈ ਇਕ ਕਾਫਲਾ ਲੁਧਿਆਣਾ,ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਗੁਰਮਿਤ ਸੰਗੀਤ ਅਕੈਡਮੀ ਜਲੰਧਰ,ਸ੍ਰੀ ਗੁਰੂ ਤੇਗ ਬਹਾਦਰ ਦਲ ਫਗਵਾੜਾ ਆਦਿ ਦੇ ਨਾਮ ਪ੍ਰਮੁੱਖ ਹਨ। ਸਮਾਜ ਅਤੇ ਸਿਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਕਾਰਜਾਂ ਲਈ ਉਨ੍ਹਾਂ ਨੂੰ ਪੰਜਾਬ ਸਰਕਾਰ ਵਲੋਂ ਸਿਖਿਆ ਵਿਭਾਗ ਸਲਾਹਕਾਰ ਕਮੇਟੀ ਦਾ ਮੈਂਬਰ ਨਾਮਜਦ ਕੀਤਾ ਜਾ ਚੁੱਕਾ ਹੈ। ਇਸੇ ਤਰ੍ਹਾਂ ਬਾਬਾ ਫਤਿਹ ਸਿੰਘ ਨਗਰ ਫਗਵਾੜਾ ਦੇ ਨਿਵਾਸੀਆਂ ਵਲੋ ਸ.ਖ਼ਾਲਸਾ ਜੀ ਦੀ



ਸਮਾਜ ਸੇਵਾ ਨੂੰ ਦੇਖਦਿਆ ਹੋਇਆ ਸਰਬ ਸੰਮਤੀ ਨਾਲ ਮੈਂਬਰ ਪੰਚਾਇਤ ਵੀ ਚੁਣਿਆ ਜਾ ਚੁੱਕਾ ਹੈ। ਅੱਜਕੱਲ ਸ.ਖ਼ਾਲਸਾ ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਪ੍ਰਬੰਧਕੀ ਬਲਾਕ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ ।

ਇਸ ਤਰ੍ਹਾਂ ਸ.ਜ਼ਤਿੰਦਰ ਸਿੰਘ ਖਾਲਸਾ ਇੱਕ ਆਮ ਵਿਅਕਤੀ ਨਹੀਂ ਸਗੋਂ ਸੰਸਥਾ ਦੇ ਰੂਪ ਵਿੱਚ ਸਮਾਜ ਦੀ ਸੇਵਾ ਕਰ ਰਹੇ ਹਨ। ਸ.ਖ਼ਾਲਸਾ ਜੀ ਨੂੰ ਆਪਣੇ ਪਰਿਵਾਰ ਧਰਮ ਪਤਨੀ ਅਧਿਆਪਕਾ ਪਰਮਿੰਦਰ ਕੌਰ ਖਾਲਸਾ ਅਤੇ ਬੇਟੀਆਂ ਹਰਸ਼ਦੀਪ ਕੌਰ ਅਤੇ ਸੁਖਲੀਨ ਕੌਰ ਵਲੋਂ ਪੂਰਨ ਸਹਿਯੋਗ ਮਿਲਦਾ ਹੈ। ਨਵੇਂ ਅਤੇ ਗੁਣੀ ਰਾਗੀ / ਢਾਡੀ ਜਥਿਆਂ ਨੂੰ ਸੰਗਤ ਦੇ ਰੂ-ਬ-ਰੂ ਕਰਵਾ ਕੇ ਉਨ੍ਹਾਂ ਨੂੰ ਸਥਾਪਿਤ ਕਰਨਾ। ਉਨ੍ਹਾਂ ਦੇ ਜੀਵਨ ਦੇ ਮਨੋਰਥਾਂ ਵਿੱਚ ਸ਼ਾਮਿਲ ਹੈ। ਸ.ਖ਼ਾਲਸਾ ਜੀ ਕੀਰਤਨ ਦਰਬਾਰਾਂ ਅਤੇ ਧਾਰਮਿਕ ਸਮਾਗਮਾਂ ਵਿੱਚ ਸਟੇਜ ਸਕੱਤਰ ਦੀ ਬਾਖੂਬੀ ਸੇਵਾ ਨਿਭਾਉਂਦੇ ਹਨ। ਸਿੱਖੀ ਅਤੇ ਗੁਰਬਾਣੀ ਕੀਰਤਨ ਦਾ ਪ੍ਰਚਾਰ ਅਤੇ ਪ੍ਰਸਾਰ ਕਰਨਾ ਸ.ਖ਼ਾਲਸਾ ਦਾ ਮੁੱਖ ਮਕਸਦ ਹੈ। ਪੰਜਾਬ ਸਰਕਾਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ ਸਿੱਖ ਧਰਮ ਨਾਲ ਜੁੜੀਆਂ ਦੇਸ਼ ਵਿਦੇਸ਼ ਦੀਆਂ ਅਹਿਮ ਸੰਸਥਾਵਾਂ ਨੂੰ ਜਤਿੰਦਰ ਸਿੰਘ ਖਾਲਸਾ ਵਰਗੀ ਅਗਾਂਹ ਵਧੂ ਅਤੇ ਉਤਸ਼ਾਹੀ ਸ਼ਖ਼ਸੀਅਤ ਦੀਆਂ ਸੇਵਾਵਾਂ ਦਾ ਲਾਭ ਲੈਣਾ ਚਾਹੀਦਾ ਹੈ।

# ਐਸਸੀਡੀ ਸਰਕਾਰੀ ਕਾਲਜ ਵਿਖੇ ਸੱਤ ਰੋਜ਼ਾ ਐਨਐਸਐਸ ਕੈਂਪ ਦੀ ਸ਼ਾਨਦਾਰ ਸਮਾਪਤੀ




ਲੁਧਿਆਣਾ (ਸੁਖਚੈਨ ਮਹਿਰਾ)ਐਸ.ਸੀ.ਡੀ ਸਰਕਾਰੀ ਕਾਲਜ ਵਿਖੇ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਦਾ ਆਖ਼ਰੀ ਦਿਨ ਉਤਸ਼ਾਹ ਅਤੇ ਰੰਗਾਰੰਗ ਪ੍ਰੋਗਰਾਮਾਂ ਨਾਲ ਭਰਪੂਰ ਰਿਹਾ। ਪ੍ਰੋਗਰਾਮ ਨੂੰ ਸਰਸਵਤੀ ਵੰਦਨਾ ਦੇ ਨਾਲ ਜੋਤ ਜਗਾਉਂਦੀਆਂ ਕੀਤੀ ਗਈ, ਜਿਸ ਨੇ ਕਾਰਵਾਈ ਲਈ ਇੱਕ ਸ਼ਾਂਤ ਧੁਨ ਕਾਇਮ ਕੀਤੀ। ਪ੍ਰਿੰਸੀਪਲ ਪ੍ਰੋ: ਸੁਮਨ ਲਤਾ ਅਤੇ ਵਾਈਸ ਪ੍ਰਿੰਸੀਪਲ ਪ੍ਰੋ: (ਡਾ.) ਗੁਰਸ਼ਰਨ ਜੀਤ ਸਿੰਘ ਸੰਧੂ ਦੇ ਨਾਲ ਐਨਐਸਐਸ ਕਨਵੀਨਰ ਨੇ ਸ਼ਮ੍ਹਾਂ ਰੌਸ਼ਨ ਕੀਤੀ। ਪ੍ਰੋਗਰਾਮ ਅਫਸਰ ਡਾ: ਦੇਵੀਨਾ ਘਈ ਨੇ ਸਾਰੇ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਉਹਨਾਂ ਦੀਆਂ ਪ੍ਰਾਪਤੀਆਂ ਅਤੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ ਸੱਤ ਦਿਨਾਂ ਦੀ ਇੱਕ ਵਿਆਪਕ ਰਿਪੋਰਟ ਪੇਸ਼ ਕੀਤੀ। ਪ੍ਰਿੰਸੀਪਲ ਸੁਮਨ ਲਤਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪਿਛਲੇ ਸੱਤ ਦਿਨਾਂ ਵਿਚ ਉਨ੍ਹਾਂ ਦੇ ਜੋਸ਼ ਭਰੇ ਕੰਮ ਦੀ ਸ਼ਲਾਘਾ ਕੀਤੀ । ਉਨ੍ਹਾਂ ਕਿਹਾ ਕਿ ਕੈਂਪ ਵਿੱਚ ਭਾਗ ਲੈਣ ਵਾਲੇ ਸਾਰੇ ਵਲੰਟੀਅਰਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਸਮਾਜਿਕ ਜੀਵਨ ਵਿੱਚ ਵੀ ਇਸੇ ਤਰ੍ਹਾਂ ਸਰਗਰਮੀ ਨਾਲ ਸਮਾਜ ਦੀ ਭਲਾਈ ਲਈ ਕੰਮ ਕਰਨ, ਜਿਸ ਤਰ੍ਹਾਂ ਉਨ੍ਹਾਂ ਕੈਂਪ ਦੌਰਾਨ ਕੀਤਾ ਹੈ। ਇਸ ਤੋਂ ਬਾਅਦ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਲਈ ਸਰਟੀਫਿਕੇਟ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਕੈਂਪ ਨੂੰ ਸਫਲ ਬਣਾਉਣ ਲਈ ਬਹੁਤ ਸਰਗਰਮ ਰਹੀ ਐਨ.ਐਸ.ਐਸ. ਵਿਦਿਆਰਥੀ ਪ੍ਰੀਸ਼ਦ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਕੈਂਪ ਦੇ ਆਖ਼ਰੀ ਦਿਨ ਨੂੰ ਮਨਾਉਣ ਲਈ, ਵਲੰਟੀਅਰਾਂ ਦੁਆਰਾ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ ਗਈਆਂ ਜਿਸ ਵਿੱਚ ਮਨਮੋਹਕ ਨਾਚ, ਭਾਵਪੂਰਤ ਗਾਇਨ, ਵਿਚਾਰ-ਪ੍ਰੇਰਕ ਕਵਿਤਾਵਾਂ ਅਤੇ ਰਿਸ਼ਤਿਆਂ ਦਾ ਸਫ਼ਰਨਾਮਾ ਸਿਰਲੇਖ ਵਾਲਾ ਇੱਕ ਭਾਵਨਾਤਮਕ ਤੌਰ ਤੇ ਪ੍ਰਭਾਵਸ਼ਾਲੀ ਸਮੂਹ ਨਾਟਕ ਸ਼ਾਮਲ ਸੀ। ਇਨ੍ਹਾਂ ਪੇਸ਼ਕਾਰੀਆਂ ਦਾ ਹਾਜ਼ਰ ਪਤਵੰਤੇ ਸੱਜਣਾਂ ਅਤੇ ਲੋਕਾਂ ਨੇ ਖ਼ੂਬ ਆਨੰਦ ਮਾਣਿਆ। ਵਾਈਸ ਪ੍ਰਿੰਸੀਪਲ ਪ੍ਰੋ: ਸੰਧੂ ਨੇ ਨੌਜਵਾਨਾਂ ਦੀ ਇਸ ਉਤਸ਼ਾਹ ਭਰੀ ਸ਼ਮੂਲੀਅਤ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿਚ ਵੀ ਉਨ੍ਹਾਂ ਦੇ ਸ਼ਲਾਘਾਯੋਗ ਉਪਰਾਲੇ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ ।

ਸਮਾਗਮ ਦੀ ਮਹੱਤਤਾ ਨੂੰ ਹੋਰ ਦੱਸਦਿਆਂ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸ. ਪਰਵਿੰਦਰ ਸਿੰਘ ਨੇ ਵਲੰਟੀਅਰਾਂ ਨਾਲ ਗੱਲਬਾਤ ਕੀਤੀ ਅਤੇ ਭਾਗੀਦਾਰਾਂ ਵਿੱਚ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹੋਏ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਇਸ ਦੀ ਰੋਕਥਾਮ ਬਾਰੇ ਜਾਗਰੂਕਤਾ ਪੈਦਾ ਕੀਤੀ।

ਪ੍ਰੋਗਰਾਮ ਦੀ ਸਮਾਪਤੀ ਐਨ.ਐਸ.ਐਸ ਪ੍ਰੋਗਰਾਮ ਅਫਸਰ ਡਾ. ਸੌਰਭ ਕੁਮਾਰ ਨੇ ਸਮੂਹ ਵਲੰਟੀਅਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕੀਤੀ ਜਿਨ੍ਹਾਂ ਨੇ ਕੈਂਪ ਦੀ ਸਫਲਤਾ ਨੂੰ ਯਕੀਨੀ ਬਣਾਇਆ। ਕੈਂਪ ਦੇ ਆਖ਼ਰੀ ਦਿਨ ਦੀ ਕਾਰਵਾਈ ਨੇ ਨੌਜਵਾਨਾਂ ਦੇ ਜਜ਼ਬੇ, ਸੱਭਿਆਚਾਰਕ ਪ੍ਰਗਟਾਵੇ ਅਤੇ ਸਮਾਜਿਕ ਚੇਤਨਾ ਦਾ ਰੰਗ ਭਰਿਆ, ਜਿਸ ਨੇ ਹਾਜ਼ਰ ਸਾਰਿਆਂ ਤੇ ਅਮਿੱਟ ਛਾਪ ਛੱਡੀ । ਪ੍ਰੋ: ਪੂਨਮ, ਪ੍ਰੋ: ਸ਼ਿਲਪਾ ਸ਼ਰਮਾ ਅਤੇ ਡਾ: ਸੰਜੀਵ ਕੁਮਾਰ ਥੰਮ੍ਹ ਸਨ, ਜਿਨ੍ਹਾਂ ਨੇ 7 ਰੋਜ਼ਾ ਐਨ.ਐਸ.ਐਸ. ਦੇ ਸਮਾਪਤੀ ਸਮਾਰੋਹ ਨੂੰ ਸ਼ਾਨਦਾਰ ਬਣਾਇਆ।

# ਨਗਰ ਪੰਚਾਇਤ ਘੜੂੰਆਂ ਦੇ ਨਵੇ ਚੁਣੇ ਮੈਂਬਰਾਂ ਨੂੰ ਸਹੁੰ ਚੁਕਾਉਣ ਅਤੇ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਅੱਜ: ਗੁਰਮੰਦਰ ਸਿੰਘ



ਖਰੜ, ( ਕਾਲਾ ਸਿੰਘ ਸੈਣੀ )-ਨਗਰ ਪੰਚਾਇਤ ਘੜੂੰਆਂ ਦੇ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਮਿਤੀ 10 ਜਨਵਰੀ 2025 ਨੂੰ ਸਵੇਰੇ 11 ਵਜੇ ਨਗਰ ਪੰਚਾਇਤ ਘੜੂੰਆਂ ਦਫਤਰ ਵਿਚ ਰੱਖੀ ਹੈ ਅਤੇ ਚੋਣ ਤੋਂ ਪਹਿਲਾਂ ਸਮੂਹ ਨਵੇ ਚੁਣੇ ਗਏ ਕੌਸਲਰਾਂ ਨੂੰ ਸਹੁੰ ਚੁਕਾਈ ਜਾਵੇਗੀ। ਇਹ ਜਾਣਕਾਰੀ ਕਨਵੀਨਰ ਨਗਰ ਪੰਚਾਇਤ ਘੜੂੰਆਂ-ਕਮ-ਉਪ ਮੰਡਲ ਮੈਜਿਸਟ੍ਰੇਟ ਗੁਰਮੰਦਰ ਸਿੰਘ ਨੇ ਦਸਿਆ ਕਿ ਸਹੁੰ ਚੁਕਾਉਣ ਅਤੇ ਨਵੇ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਕਰਨ ਲਈ ਨਵੇ ਚੁਣੇ ਗਏ ਕੌਸਲਰਾਂ ਨੂੰ ਏਜੰਡਾ ਨੋਟ ਕਰਵਾਉਣ, ਮੀਟਿੰਗ ਦੌਰਾਨ ਵੀਡਿਓ ਗ੍ਰਾਫੀ ਦਾ ਪੁਖਤਾ ਇੰਤਜਾਮ ਕਰਨ ਲਈ ਨਗਰ ਪੰਚਾਇਤ ਘੜੂੰਆਂ ਦੇ ਕਾਰਜ ਸਾਧਕ ਅਫਸਰ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨਾਂ ਦਸਿਆ ਕਿ ਚੋਣ ਸਮੇਂ ਅਮਨ ਅਤੇ ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਡੀ.ਐਸ.ਪੀ.ਖਰੜ ਨੂੰ ਨਗਰ ਪੰਚਾਇਤ ਘੜੂੰਆਂ ਦੇ ਦਫਤਰ ਵਿਚ ਸੁਰੱਖਿਆ ਦੇ ਯੋਗ ਪ੍ਰਬੰਧ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੂੰ ਵੀ ਇਸ ਚੋਣ ਵਿਚ ਹਾਜ਼ਰ ਹੋਣ ਸਬੰਧੀ ਜਾਣਕਾਰੀ ਭੇਜ ਦਿੱਤੀ ਗਈ ਹੈ।

# ਸਬ ਡਵੀਜ਼ਨ ਖਰੜ ਦੇ ਏਰੀਆ ਵਿਚ ਚਾਈਨਾਂ ਡੋਰ ਵੇਚਦਾ ਜਾਂ ਸਟੋਰ ਕਰਦਾ ਹੈ ਤਾਂ ਉਸਦੇ ਖਿਲਾਫ ਸਖਤ ਕਾਰਵਾਈ ਹੋਵੇਗੀ : ਗੁਰਮੰਦਰ ਸਿੰਘ



ਖਰੜ, ( ਕਾਲਾ ਸਿੰਘ ਸੈਣੀ )-ਸਰਕਾਰ ਵਲੋਂ ਚਾਈਨਾ ਡੋਰ ਦੀ ਵਿਕਰੀ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਜਾ ਚੁੱਕੀ ਹੈ ਅਤੇ ਸਬ ਡਵੀਜਨ ਖਰੜ ਤਹਿਤ ਪੈਂਦੇ ਸਹਿਰੀ ਅਤੇ ਪੇਂਡੂ ਏਰੀਆ ਵਿਚ ਚਾਈਨਾ ਡੋਰ ਦੀ ਵਿਕਰੀ ਨੂੰ ਰੋਕਣ ਲਈ ਚੈਕਿੰਗ ਕਰਨ ਵਾਸਤੇ ਤਹਿਸੀਲਦਾਰ ਖਰੜ, ਨਇਬ ਤਹਿਸੀਲਦਾਰ ਖਰੜ, ਨਾਇਬ ਤਹਿਸੀਲਦਾਰ ਘੜੂੰਆਂ, ਨਾਇਬ ਤਹਿਸੀਲਦਾਰ ਮਾਜਰੀ ਦੀ ਅਗਵਾਈ ਵਿਚ ਚਾਰ ਟੀਮਾਂ ਬਣਾਈਆਂ ਗਈਆਂ ਅਤੇ ਨਾਲ ਹੀ ਸ਼ਹਿਰੀ ਖੇਤਰ ਲਈ ਨਗਰ ਕੌਸਲ ਖਰੜ, ਕੁਰਾਲੀ, ਨਵਾਂ ਗਾਓ, ਘੜੂੰਆਂ ਦੇ ਕਾਰਜ ਸਾਧਕ ਅਫਸਰਾਂ ਨੂੰ ਵੀ ਟੀਮਾਂ ਵਿਚ ਸ਼ਾਮਲ ਕੀਤਾ ਗਿਆ ਹੈ ਅਤੇ ਚੈਕਿੰਗ ਸਮੇਂ ਸਬੰਧਤ ਪੁਲਿਸ ਥਾਣੇ ਦੇ ਐਸ.ਐਚ.ਓ.ਅਤੇ ਪੁਲਿਸ ਕਰਮਚਾਰੀ ਟੀਮਾਂ ਨਾਲ ਹਾਜ਼ਰ ਰਹਿਣਗੇ। ਇਹ ਜਾਣਕਾਰੀ ਐਸ.ਡੀ.ਐਮ. ਖਰੜ ਗੁਰਮੰਦਰ ਸਿੰਘ ਨੇ ਦਿੰਦਿਆ ਦਸਿਆ ਕਿ ਸਬ ਡਵੀਜ਼ਨ ਖਰੜ ਦੇ ਪੈਂਦੇ ਏਰੀਆ ਵਿਚ ਕੋਈ ਵੀ ਵਿਅਕਤੀ ਚਾਈਨਾ ਡੋਰ ਵੇਚ ਨਹੀਂ ਸਕਦਾ ਅਤੇ ਨਾਂ ਹੀ ਸਟੋਰ ਸਕਦਾ। ਉਨਾਂ ਦੱਸਿਆ ਕਿ ਜੇਕਰ ਕੋਈ ਵੀ ਵਿਅਕਤੀ ਚਾਈਨਾ ਡੋਰ ਵੇਚਦਾ ਫੜਿਆ ਗਿਆ ਤਾਂ ਵਾਤਾਵਰਣ ਸੁਰੱਖਿਆ ਐਕਟ 1986 ਤਹਿਤ ਜਾਰੀ ਨਿਰਦੇਸ਼ਾਂ ਤਹਿਤ ਬਣਾਏ ਗਏ ਨਿਯਮਾਂ ਦੀ ਉਲੰਘਣਾ ਕਰਦਾ ਹੈ ਤਾਂ ਉਸਨੂੰ ਘੱਟੋ ਘੱਟ 10 ਹਜ਼ਾਰ ਰੁਪਏ ਜੁਰਮਾਨਾ ਲਗਾਇਆ ਜਾਵੇਗਾ ਜੋ 15 ਲੱਖ ਵਧਾਇਆ ਜਾ ਸਕਦਾ ਹੈ। ਉਨਾਂ ਸਬਡਵੀਜ਼ਨ ਖਰੜ ਦੇ ਪੇਂਡੂ ਅਤੇ ਸਹਿਰੀ ਖੇਤਰ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨਾਂ ਦੇ ਖੇਤਰ ਵਿਚ ਕੋਈ ਚਾਈਨਾ ਡੋਰ ਵੇਚਦਾ ਹੈ ਤਾਂ ਉਸ ਸਬੰਧੀ ਜਾਣਕਾਰੀ ਵੀ ਉਨਾਂ ਦੇ ਧਿਆਨ ਵਿਚ ਲਿਆਂਦੀ ਜਾ ਸਕਦੀ ਹੈ ਤਾਂ ਕਿ ਮੌਕੇ ਤੇ ਟੀਮ ਭੇਜ ਕੇ ਕਾਰਵਾਈ ਕਰਵਾਈ ਜਾ ਸਕੇ।

# ਕਾਨਪੁਰ ਵਿੱਚ ਲਾਵਾਰਿਸ ਲਾਸ਼ਾਂ ਨੂੰ ਮੋਢਾ ਦੇਣ ਦੀ ਮੁਹਿੰਮ ਦੇ ਆਖਰੀ ਦਿਨ ਸੈਂਕੜੇ ਬੋਧੀ ਔਰਤਾਂ ਸ਼ਾਮਲ ਹੋਈਆਂ।



ਕਾਨਪੁਰ। ( ਸੁਨੀਲ ਬਾਜਪਾਈ) ਜਿਨ੍ਹਾਂ ਦਾ ਕੋਈ ਨਹੀਂ, ਉਨ੍ਹਾਂ ਦਾ ਇੱਕੋ ਇੱਕ ਰੱਬ ਈਸ਼ਵਰ, ਅੱਲ੍ਹਾ ਅਤੇ ਮਨੁੱਖ ਦੇ ਰੂਪ ਵਿੱਚ ਰੱਬ ਹੈ। ਇਹ ਕਥਨ ਉਹਨਾਂ ਦੇ ਸੰਦਰਭ ਵਿੱਚ ਲਾਗੂ ਹੁੰਦਾ ਹੈ

ਸੰਸਾਰ ਨੂੰ ਅਲਵਿਦਾ ਕਹਿਣ ਸਮੇਂ ਉਨ੍ਹਾਂ ਦੀ ਲਾਵਾਰਿਸ ਲਾਸ਼ ਦਾ ਅੰਤਿਮ ਸੰਸਕਾਰ ਕਰਨ ਵਾਲਾ ਕੋਈ ਨਹੀਂ ਹੁੰਦਾ, ਫਿਰ ਵੀ ਪ੍ਰਮਾਤਮਾ ਮਨੁੱਖ ਦੇ ਰੂਪ ਵਿੱਚ ਉਨ੍ਹਾਂ ਦੀ ਲਾਵਾਰਿਸ ਲਾਸ਼ ਦਾ ਅੰਤਿਮ ਸੰਸਕਾਰ ਜ਼ਰੂਰ ਕਰਦਾ ਹੈ।

ਇੱਥੇ ਅਸੀਂ ਗੱਲ ਕਰ ਰਹੇ ਹਾਂ ਕਾਨਪੁਰ ਦੀ ਸਮਾਜ ਕਲਿਆਣ ਸੇਵਾ ਕਮੇਟੀ ਦੀ ਜੋ ਹੁਣ ਤੱਕ 16,000 ਤੋਂ ਵੱਧ ਲਾਵਾਰਸ ਲਾਸ਼ਾਂ ਦਾ ਸਸਕਾਰ ਕਰ ਚੁੱਕੀ ਹੈ ਮਰਨ ਵਾਲੇ ਵਿਅਕਤੀ ਦੇ ਧਰਮ ਅਨੁਸਾਰ। ਇਸੇ ਸੰਸਥਾ ਵੱਲੋਂ ਕਾਨਪੁਰ ਵਿੱਚ ਲਾਵਾਰਿਸ ਲਾਸ਼ਾਂ ਦੇ ਮੋਢੇ ਦਾਨ ਕਰਨ ਦੀ ਪੰਜ ਰੋਜ਼ਾ ਮੁਹਿੰਮ ਵੀ ਚਲਾਈ ਗਈ, ਜਿਸ ਦੇ ਆਖਰੀ ਦਿਨ ਬੋਧੀ ਭਾਈਚਾਰੇ ਦੀਆਂ ਸੈਂਕੜੇ ਔਰਤਾਂ ਨੇ ਵੀ ਇਸ ਵਿੱਚ ਸ਼ਮੂਲੀਅਤ ਕੀਤੀ।

ਇਨ੍ਹਾਂ ਤਿਆਗ ਗਏ ਲੋਕਾਂ ਲਈ ਮੋਢਾ ਦੇਣ ਦੇ ਨਾਲ-ਨਾਲ ਉਨ੍ਹਾਂ ਨੇ ਤਥਾਗਤ ਗੌਤਮ ਬੁੱਧ ਅਤੇ ਪ੍ਰਮਾਤਮਾ ਅੱਗੇ ਉਨ੍ਹਾਂ ਦੇ ਵਿਛੜੇ ਅਤੇ ਦੁਖੀ ਪਰਿਵਾਰਕ ਮੈਂਬਰਾਂ ਦੀ ਸ਼ਾਂਤੀ ਲਈ ਪ੍ਰਾਰਥਨਾ ਵੀ ਕੀਤੀ। ਇਸ ਮੋਢੇ ਦਾਨ ਵਿੱਚ ਔਰਤਾਂ ਨੇ ਵੀ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਮ੍ਰਿਤਕ ਦੇਹਾਂ 'ਤੇ ਫੁੱਲਾਂ ਦੀ ਵਰਖਾ ਵੀ ਕੀਤੀ, ਜਿਸ ਕਾਰਨ ਪੋਸਟ ਮਾਰਟਮ ਤੋਂ ਲੈ ਕੇ ਇੱਕ ਕਿਲੋਮੀਟਰ ਤੱਕ ਦੀ ਸੜਕ ਫੁੱਲਾਂ ਨਾਲ ਢੱਕੀ ਹੋਈ ਸੀ।

ਇਸ ਅੰਤਿਮ ਸੰਸਕਾਰ ਚ ਹੇ ਮਨੁੱਖੋ, ਆਪਣੇ ਮੂੰਹੋਂ ਬੋਲੋ, ਬੁਧਮ ਸ਼ਰਨਮ ਗਚਛਾਮੀ, ਧੰਮਮ ਸ਼ਰਨਮ ਗੱਛਾਮੀ ਸੰਗਮ ਸ਼ਰਨਮ ਗੱਛਾਮੀ, ਦੇ ਜੈਕਾਰਿਆਂ ਨੂੰ ਅੰਤਿਮ ਵਿਦਾਈ ਦਿੱਤੀ ਗਈ। ਮੋਢੇ ਦਾਨ ਮੁਹਿੰਮ ਵਿੱਚ ਔਰਤਾਂ ਵੀ ਮੋਢੇ ਨਾਲ ਮੋਢਾ ਜੋੜਦੀਆਂ ਨਜ਼ਰ ਆਈਆਂ। ਇਸ ਮੌਕੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਲੋਕਾਂ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਸਕੱਤਰ ਧਨੀਰਾਮ ਪੈਂਥਰ ਨੇ ਕਿਹਾ ਕਿ ਇਸ ਮੁਹਿੰਮ ਵਿੱਚ ਸਾਰੇ ਧਰਮਾਂ ਦੇ ਲੋਕ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਹਨ। ਪਿਛਲੇ 15 ਸਾਲਾਂ ਤੋਂ ਅਸੀਂ ਗੰਗਾ ਨੂੰ ਪ੍ਰਦੂਸ਼ਣ ਤੋਂ ਬਚਾ ਰਹੇ ਹਾਂ।

ਉਨ੍ਹਾਂ ਕਿਹਾ ਕਿ ਇਸ ਸਮੇਂ 16,000 ਲਾਵਾਰਿਸ ਲਾਸ਼ਾਂ ਦਾ ਸਨਮਾਨ ਨਾਲ ਸਸਕਾਰ ਕੀਤਾ ਜਾ ਚੁੱਕਾ ਹੈ। ਜਿਸ ਕਾਰਨ ਗੰਗਾ ਨੂੰ ਪ੍ਰਦੂਸ਼ਣ ਤੋਂ ਬਚਾਉਣ ਚ ਸਫਲਤਾ ਮਿਲੀ।

ਇਸ ਮੌਕੇ ਮਨੀਸ਼ਾ ਪੈਂਥਰ, ਅਨੀਤਾ ਜੈਸਵਰ, ਆਰਤੀ ਰਾਓ, ਕੁਨ ਆਰਤੀ ਰਾਓ, ਸੀਮਾ ਸੰਖਵਾਰ, ਪਿੰਕੀ ਚੰਦਾ, ਸਰੋਜ ਗੌਤਮ, ਸ਼ਾਲਿਨੀ ਗੌਤਮ, ਕਾਂਤੀ, ਬਬਲੀ ਗੌਤਮ, ਰੁਕਮਣੀ, ਸੁਧਾ ਗੌਤਮ, ਰੇਖਾ, ਨੀਲੂ ਖੰਨਾ, ਫੂਲਮਤੀ, ਸਰਵੇਸ਼ ਕੁਮਾਰੀ, ਨਿਸ਼ਾ। ਰਾਜੂ ਦੇਵੀ, ਫੂਲ ਦੁਲਾਰੀ, ਸ਼ੀਲਾ ਦੇਵੀ, ਗੁੜੀਆ ਅਤੇ ਹੋਰ ਔਰਤਾਂ ਹਾਜ਼ਰ ਸਨ।

# ਜਨਮ ਦਿਨ ਮੁਬਾਰਕ

ਪੰਜਾਬੀ ਗਾਇਕੀ ਖੇਤਰ ਵਿੱਚ ਆਪਣੀ ਸੁਰੀਲੀ ਤੇ ਬੁਲੰਦ ਅਵਾਜ਼ ਨਾਲ ਵਿਲੱਖਣ ਪਹਿਚਾਣ ਬਣਾਉਣ ਵਾਲੇ ਗਾਇਕ ਰਾਜ ਗਿੱਲ ਭਾਣਾ ਨੂੰ ਜਨਮ ਦਿਨ ਦੀਆਂ ਬਹੁਤ ਬਹੁਤ ਮੁਬਾਰਕਾਂ



# ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਕਵੀ ਦਰਬਾਰ ਕਰਵਾਇਆ ਗਿਆ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਸੰਸਥਾ ਦੇ ਬਾਨੀ ਸ਼੍ਰੀ ਸੇਵੀ ਰਾਇਤ ਜੀ ਦਾ 85ਵਾਂ ਜਨਮ ਦਿਨ ਅਤੇ ਨਵੇਂ ਸਾਲ ਨੂੰ ਸਮਰਪਿਤ ਕਵੀ ਦਰਬਾਰ ਕਰਵਾਇਆ ਗਿਆ,ਜਿਸ ਦੀ ਪ੍ਰਧਾਨਗੀ ਉੱਘੀ ਲੇਖਕਾ ਅਤੇ ਕਵਿੱਤਰੀ ਸ਼੍ਰੀਮਤੀ ਸੁਰਜੀਤ ਕੌਰ ਬੈਂਸ ਜੀ ਨੇ ਕੀਤੀ। ਪ੍ਰਸਿੱਧ ਗਜ਼ਲਗੋ ਸ਼੍ਰੀ ਸਿਰੀ ਰਾਮ ਅਰਸ਼ ਜੀ ਨੇ ਮੁੱਖ ਮਹਿਮਾਨ ਅਤੇ ਪ੍ਰਸਿੱਧ ਗਜ਼ਲਗੋ ਪ੍ਰੋਫੈਸਰ ਗੁਰਦੀਪ ਕੌਰ ਧੀਰ 'ਗੁਲ' ਜੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸ.ਭਰਪੂਰ ਸਿੰਘ ਜੀ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ। ਸਭ ਤੋਂ ਪਹਿਲਾਂ ਡਾ.ਅਵਤਾਰ ਸਿੰਘ ਪਤੰਗ ਜੀ ਨੇ ਸੇਵੀ ਰਾਇਤ ਜੀ ਨਾਲ ਬਿਤਾਏ ਪਲਾਂ ਅਤੇ ਉਹਨਾਂ ਦੇ ਸਾਹਿਤਕ ਸਫ਼ਰ ਬਾਰੇ ਭਰਪੂਰ ਜਾਣਕਾਰੀ ਦਿੱਤੀ।ਪ੍ਰਸਿੱਧ ਪੰਜਾਬੀ ਫਿਲਮੀ ਕਲਾਕਾਰਾ ਸ਼੍ਰੀਮਤੀ ਪੰਮੀ ਸਿੱਧੂ ਸੰਧੂ ਜੀ ਨੇ ਸੇਵੀ ਰਾਇਤ ਜੀ ਦੇ ਜਨਮ ਦਿਨ ਤੇ ਉਹਨਾਂ ਪਰਿਵਾਰਿਕ ਮੈਂਬਰਾਂ ਨੂੰ ਵਧਾਈ ਦਿੱਤੀ। ਚੰਡੀਗੜ੍ਹ ਸਾਹਿਤ ਅਕੈਡਮੀ ਦੇ ਜਨਰਲ ਸਕੱਤਰ ਸ਼੍ਰੀ ਸੁਭਾਸ਼ ਭਾਸਕਰ ਜੀ, ਗੁਰਦਾਸ ਸਿੰਘ ਦਾਸ ਤੇ ਦਰਸ਼ਨ ਸਿੱਧੂ ਜੀ ਨੇ ਸੇਵੀ ਰਾਇਤ ਜੀ ਨਾਲ ਬਿਤਾਏ ਪਲਾਂ ਦੇ ਨਾਲ-ਨਾਲ ਨਵੇਂ ਸਾਲ ਨੂੰ ਅਰਜੋਈ ਬਹੁਤ ਹੀ ਖ਼ੂਬਸੂਰਤ ਰਚਨਾ ਨਾਲ ਸਾਂਝ ਪਾਈ। ਦੂਸਰੇ ਦੌਰ ਵਿੱਚ ਕਵੀ ਦਰਬਾਰ ਦਾ ਆਗਾਜ਼ ਸੁਰਜੀਤ ਸਿੰਘ ਧੀਰ ਜੀ ਦੁਆਰਾ ਗੁਰਬਾਣੀ ਦਾ ਸ਼ਬਦ ਗਾਉਣ ਨਾਲ ਹੋਇਆ। ਰਾਜਵਿੰਦਰ ਸਿੰਘ ਗੱਡੂ,ਪ੍ਰਿੰਸੀਪਲ ਬਹਾਦਰ ਸਿੰਘ ਗੋਸਲ,ਸੁਰਿੰਦਰ ਗਿੱਲ ਤੇ ਬਹੁਤ ਹੀ ਨਾਮਵਰ ਸੀਨੀਅਰ ਪੱਤਰਕਾਰ ਸ.ਅਜਾਇਬ ਔਜਲਾ ਜੀ ਨੇ ਸੇਵੀ ਰਾਇਤ ਜੀ ਨੂੰ ਆਪਣੇ ਸ਼ਬਦਾਂ ਰਾਹੀਂ ਸ਼ਰਧਾਂਜਲੀ ਦਿੱਤੀ।ਪ੍ਰੋਫੈਸਰ ਕੇਵਲਜੀਤ ਸਿੰਘ






ਕੰਵਲ ,ਜਗਤਾਰ ਜੋਗ ਦਵਿੰਦਰ ਕੌਰ ਢਿੱਲੋਂ ਨੇ ਸੇਵੀ ਰਾਇਤ ਜੀ ਦੁਆਰਾ ਕਲਮਬੱਧ ਕੀਤੀਆਂ ਰਚਨਾਂਵਾਂ ਸੁਣਾਈਆਂ। ਪਹਿਲੀ ਵਾਰ ਸੰਸਥਾ ਵਿੱਚ ਆਏ ਜਸਮੀਤ ਸਿੰਘ,ਗਗਨਦੀਪ ਤੀੜਾ,ਗੁਜਰਾਤ ਤੋਂ ਤੇਜਲ ਨੇ ਵੀ ਬਹੁਤ ਹੀ ਖ਼ੂਬਸੂਰਤ ਰਚਨਾਂਵਾਂ ਸੁਣਾ ਕੇ ਵਾਹ ਵਾਹ ਖੱਟੀ।ਬਲਵਿੰਦਰ ਢਿੱਲੋਂ ਦਰਸ਼ਨ ਤਿਊਣਾ ,ਤਰਸੇਮ ਰਾਜ ਸਿਮਰਜੀਤ ਗਰੇਵਾਲ ਰਤਨ ਬਾਬਕ ਵਾਲਾ, ਲਾਭ ਸਿੰਘ ਲਹਿਲੀ,ਹਰਭਜਨ ਕੌਰ ਢਿੱਲੋਂ ਅਤੇ ਭਰਪੂਰ ਸਿੰਘ ਨੇ ਤਰੰਨਮ ਵਿੱਚ ਆਪਣੀਆਂ ਰਚਨਾਂਵਾਂ ਸੁਣਾ ਕੇ ਸਰੋਤਿਆਂ ਨੂੰ ਝੂਮਣ ਲਾ ਦਿੱਤਾ। ਮੁੱਖ ਮਹਿਮਾਨ ਸ਼੍ਰੀ ਸਿਰੀ ਰਾਮ ਅਰਸ਼ ਜੀ ਨੂੰ ਸਾਹਿਤ ਵਿਗਿਆਨ ਕੇਂਦਰ ਦੀ ਸਾਰੀ ਟੀਮ ਨੂੰ ਇਸ ਉਪਰਾਲੇ ਵਾਸਤੇ ਵਧਾਈ ਦਿੱਤੀ,ਸੁਰਜੀਤ ਕੌਰ ਨੂੰ ਬੈਂਸ ਜੀ ਨੇ ਕਿਹਾ ਕਿ ਅੱਜ ਦੇ ਇਸ ਮੌਕੇ ਤੇ ਸਭ ਨੂੰ ਸਮੇਂ ਦੇ ਪਾਬੰਦ ਹੋਣ ਦਾ ਸੁਝਾਅ ਦਿੱਤਾ ਤੇ ਆਪਣੀ ਰਚਨਾ ਸਰੋਤਿਆਂ ਦੀ ਨਜ਼ਰ ਕੀਤੀ। ਵਿਸ਼ੇਸ਼ ਮਹਿਮਾਨ ਪ੍ਰੋਫੈਸਰ ਗੁਰਦੀਪ ਗੁਲ ਜੀ ਨੇ ਆਪਣੀਆਂ ਰਚਨਾਂਵਾਂ ਪੇਸ਼ ਕਰ ਕੇ ਸਭ ਨੂੰ ਮੰਤਰ ਮੁਗਧ ਕਰ ਦਿੱਤਾ ਤੇ ਕੇਂਦਰ ਦੀ ਬਹੁਤ ਸਰਾਹਨਾ ਕੀਤੀ। ਸ਼੍ਰੀਮਤੀ ਸੁਦਰਸ਼ਨ ਕੌਰ ਰਾਇਤ ਜੀ ਨੂੰ ਕੇਂਦਰ ਵੱਲੋਂ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਡਾ. ਅਵਤਾਰ ਸਿੰਘ ਪਤੰਗ ਜੀ ਨੇ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ ਤੇ ਸਵ.ਸੇਵੀ ਰਾਇਤ ਜੀ ਦੇ ਪਰਿਵਾਰਕ ਮੈਂਬਰਾਂ ਨੂੰ ਉਹਨਾਂ ਦੇ ਜਨਮ ਦਿਨ ਦੀ ਵਧਾਈ ਦਿੱਤੀ,ਇਸ ਸਾਹਿਤਕ ਇਕੱਤਰਤਾ ਵਿੱਚ ਜਸਪਾਲ ਕੰਵਲ,ਸੁਭਾਸ਼ ਚੰਦਰ,ਪ੍ਰੋਫੈਸਰ ਦਿਲਬਾਗ ਜੀ,ਅੰਸ਼ੁਕਰ ਮਹੇਸ਼,ਚਰਨਜੀਤ ਕੌਰ ਬਾਠ,ਬਲਜਿੰਦਰ ਧਾਲੀਵਾਲ,ਪਾਲ ਅਜਨਬੀ,ਮਲਕੀਅਤ ਬਸਰਾ,ਤਿਲਕ ਸੇਠੀ,ਹਰਜੀਤ ਸਿੰਘ,ਸਵ. ਸੇਵੀ ਰਾਇਤ ਜੀ ਦੇ ਸਪੁੱਤਰ ਆਦਰਸ਼ਪਾਲ ,ਸਰਬਜੀਤ ਸਿੰਘ,ਹਰਬੰਸ ਸੋਢੀ,ਪ੍ਰਤਾਪ ਪਾਰਸ ਗੁਰਦਾਸਪੁਰੀ,ਪਰਮਜੀਤ ਸਿੰਘ ਤੇ ਜਗਦੀਪ ਸਿੱਧੂ ਜੀ ਨੇ ਸ਼ਿਰਕਤ ਕੀਤੀ। ਸਟੇਜ ਸੰਚਾਲਨ ਸ਼੍ਰੀਮਤੀ ਦਵਿੰਦਰ ਕੌਰ ਢਿੱਲੋਂ ਨੇ ਬਾਖ਼ੂਬੀ ਨਾਲ ਨਿਭਾਇਆ।

# ਨਗਰ-ਨਿਗਮ ਟੈਕਨੀਕਲ ਯੂਨੀਅਨ ਦਾ ਸਾਲਾਨਾ ਕੈਲੰਡਰ ਰਿਲੀਜ਼-ਕਰਮਜੀਤ ਸਿੰਘ ਕੇ.ਪੀ.



ਫ਼ਗਵਾੜਾ (ਸੁਸ਼ੀਲ ਸ਼ਰਮਾ ) ਨਗਰ ਨਿਗਮ ਟੈਕਨੀਕਲ ਯੂਨੀਅਨ ਦਾ ਸਾਲਾਨਾ ਕਲੰਡਰ ਅੱਜ ਪ੍ਰਧਾਨ ਲਖਵਿੰਦਰ ਸਿੰਘ ਨਾਗ ਦੀ ਪ੍ਰਧਾਨਗੀ ਹੇਠ ਰਿਲੀਜ਼ ਕਰ ਦਿੱਤਾ ਗਿਆ। ਕਲੰਡਰ ਰਿਲੀਜ ਕਰਵਾਉਣ ਦੀ ਰਸਮ ਸੰਯੁਕਤ ਕਮਿਸ਼ਨਰ ਸੁਰਿੰਦਰ ਸਿੰਘ ਤੋਂ ਕਰਵਾਈ ਗਈ। ਉਨ੍ਹਾਂ ਸਾਰਿਆਂ ਨੂੰ ਨਵੇਂ ਸਾਲ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਹਰੇਕ ਕਰਮਚਾਰੀ ਨਿਗਮ ਦੀ ਰੀੜ੍ਹ ਦੀ ਹੱਡੀ ਹੈ ਅਤੇ ਉਨਾਂ ਤੋਂ ਬਿਨਾਂ ਸ਼ਹਿਰ ਦਾ ਵਿਕਾਸ ਅਸੰਭਵ ਹੈ। ਇਸ ਗੱਲ ਨੂੰ ਧਿਆਨ ਚ ਰੱਖਦੇ ਹੋਏ ਉਨ੍ਹਾਂ ਦੀ ਹਰੇਕ ਸਮੱਸਿਆ ਦਾ ਤਰਜੀਹ ਦੇ ਅਧਾਰ ਤੇ ਨਿਪਟਾਰਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਯੂਨੀਅਨ ਦੇ ਪ੍ਰਧਾਨ ਲਖਵਿੰਦਰ ਸਿੰਘ ਨਾਗ ਨੇ ਕਿਹਾ ਕਿ ਯੂਨੀਅਨ ਹਮੇਸ਼ਾ ਨਿਗਮ ਕਰਮਚਾਰੀਆਂ ਦੀ ਮੁਸ਼ਕਲਾਂ ਦਾ ਹੱਲ ਕਰਵਾਉਣ ਲਈ ਤਤਪਰ ਹੈ ਅਤੇ ਹਮੇਸ਼ਾ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਰਹੇਗੀ। ਇਸ ਮੌਕੇ ਜਨਰਲ ਸਕੱਤਰ ਚਰਨਜੀਤ ਸਿੰਘ ਫਤਿਹਗੜ੍ਹ, ਮੁੱਖ ਸਲਾਹਕਾਰ ਦਲਜੀਤ ਸਿੰਘ ਜਿਜੇਆਨੀ,ਵਿਤ ਸਕੱਤਰ ਪ੍ਰਿਤਪਾਲ ਸਿੰਘ ਜਹਾਂਗੀਰ,ਬਿਕਰਮਜੀਤ ਸਿੰਘ, ਗੁਰਬਚਨ ਸਿੰਘ,ਮਨਜੀਤ ਸਿੰਘ ਬਹੋੜੂ,ਤਰਸੇਮ ਸਿੰਘ ਸਹੋਤਾ (ਸਾਰੇ ਸੀਨੀਅਰ ਮੀਤ ਪ੍ਰਧਾਨ),ਸੁਖਵਿੰਦਰ ਸਿੰਘ ਵੇਰਕਾ, ਲਖਵਿੰਦਰ ਸਿੰਘ ਨਾਗੀ,ਬਲਜੀਤ ਸਿੰਘ,ਸਰਬਜੀਤ ਸਿੰਘ ਸੈਣੀ, ਸੁਖਜੀਤ ਸਿੰਘ,ਸਰਦੂਲ ਸਿੰਘ,ਰਮਨ ਕੁਮਾਰ,ਸੁਖਜਿੰਦਰ ਸਿੰਘ (ਸਾਰੇ ਸਲਾਹਕਾਰ),ਮਹੇਸ਼ ਕੁਮਾਰ,ਅੰਮ੍ਰਿਤਪਾਲ ਸਿੰਘ,ਲਖਬੀਰ ਸਿੰਘ ਫਤਿਹਗੜ੍ਹ,ਬਾਬਾ ਮਨਬੀਰ ਸਿੰਘ,ਕੁਲਬੀਰ ਸਿੰਘ ਕਲੇਰ, ਜਗਜੀਤ ਸਿੰਘ,ਜਗੀਰ ਸਿੰਘ,ਸੰਦੀਪ ਮਹਿਤਾ,ਹਰਪਾਲ ਸਿੰਘ ਔਜਲਾ ਆਦਿ ਵੀ ਹਾਜਰ ਸਨ।

# ਐਸ ਪੀ ਐਚ ਵੱਲੋਂ ਸੰਪਰਕ ਪ੍ਰੋਗਰਾਮ ਤਹਿਤ ਮੰਡੀ ਬਰੀਵਾਲਾ ਵਿਖੇ ਪਬਲਿਕ ਮੀਟਿੰਗ ਕੀਤੀ ਗਈ

ਮਲੋਟ /ਨਰਿੰਦਰ ਵਧਵਾ/ਗੁਰਨਾਮ ਰੱਥੜੀਆ/ ਸ੍ਰੀ ਗੋਰਵ ਯਾਦਵ ਆਈ ਪੀ ਐਸ, ਡੀਜੀਪੀ ਪੰਜਾਬ ਵੱਲੋਂ ਲੋਕਾਂ ਨਾਲ ਹੋਰ ਨੇੜਤਾ ਅਤੇ ਉਨ੍ਹਾਂ ਨਾਲ ਸਿੱਧਾਂ ਰਾਬਤਾ ਬਣਾਉਂਦਿਆਂ ਪੂਰੇ ਸੂਬੇ ਅੰਦਰ ਸਪੰਰਕ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ ਇਸ ਤਹਿਤ ਸ੍ਰੀ ਤੁਸ਼ਾਰ ਗੁਪਤਾ ਆਈ ਪੀ ਐਸ, ਐਸ ਐਸ ਪੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਅੰਦਰ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਪਿੰਡਾਂ/ਸ਼ਹਿਰਾਂ ਸਕੂਲਾਂ/ਕਾਲਜਾਂ ਵਿੱਚ ਨਸ਼ੇ ਅਤੇ ਸਟਰੀਟ ਕ੍ਰਾਈਮ ਖਿਲਾਫ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਜਿਸ ਦੇ ਚਲਦਿਆਂ ਹੀ ਸ ਕੰਵਲਪ੍ਰੀਤ ਸਿੰਘ ਚਾਹਲ ਐਸ ਪੀ, ਐਚ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆਂ ਮੰਡੀ ਬਰੀਵਾਲਾ ਦੇ ਪੰਚਾਇਤ ਘਰ ਵਿੱਚ ਪਬਲਿਕ ਮੀਟਿੰਗ ਕੀਤੀ ਗਈ ਇਸ ਮੀਟਿੰਗ ਵਿੱਚ ਐਸ ਆਈ ਜਗਸੀਰ ਸਿੰਘ ਮੁੱਖ ਅਫਸਰ ਥਾਣਾ ਬਰੀਵਾਲਾ, ਅਵੇਰਨੈਸ ਟੀਮ,ਏ,ਐਸ,ਆਈ, ਸ ਹਰਮੰਦਰ ਸਿੰਘ ਅਤੇ ਏ,ਐਸ,ਆਈ,ਸ ਗੁਰਜੰਟ ਸਿੰਘ ਤੋਂ ਇਲਾਵਾ ਸਾਂਝ ਕੇਂਦਰ ਬਰੀਵਾਲਾ ਸਟਾਫ ਦੇ ਮੈਬਰ ਅਤੇ ਬਰੀਵਾਲਾ ਦੇ ਨਗਰ ਨਿਵਾਸੀ ਹਾਜ਼ਰ ਸਨ। ਇਸ ਮੀਟਿੰਗ ਵਿੱਚ ਸ ਕੰਵਲਪ੍ਰੀਤ ਸਿੰਘ ਚਾਹਲ ਐਸ,ਪੀ,ਐਚ, ਜੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਨਸ਼ੇ ਅਤੇ ਸਟਰੀਟ ਕ੍ਰਾਈਮ ਦੇ ਖਿਲਾਫ ਪੁਲਿਸ ਅਤੇ ਲੋਕਾਂ ਵਿਚਕਾਰ ਸਹਿਯੋਗ ਅਤੇ ਇੱਕਜੁੱਟਤਾ ਨੂੰ ਮਜ਼ਬੂਤ ਕਰਨ ਲਈ ਸਪੰਰਕ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਜਿਸ ਤਹਿਤ ਅੱਜ ਬਰੀਵਾਲਾ ਮੰਡੀ ਪੰਚਾਇਤ ਘਰ ਵਿਖੇ ਲੋਕਾਂ ਨਾਲ ਰੂੰਬਰ ਹੋ ਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਗਈ,ਇਸ ਮੀਟਿੰਗ ਦੌਰਾਨ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਂਵਾਂ ਸੁਣੀਆਂ ਅਤੇ ਨਸ਼ਿਆਂ ਤੇ ਕ੍ਰਾਈਮ ਵਿਰੁੱਧ ਜੰਗ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਕਿਸੇ ਗ਼ਲਤ ਰਾਹ ਜਾਂ ਕੁਰਾਹੇ ਪੈ ਜਾਵੇ ਤਾਂ ਕੋਈ ਵੀ ਵਿਅਕਤੀ ਉਸ ਨੂੰ ਪਸੰਦ ਨਹੀਂ ਕਰਦਾ ਸਗੋਂ ਹਰ ਜਗ੍ਹਾ ਉਸ ਦੀ ਬੁਰਾਈ ਕੀਤੀ ਜਾਂਦੀ ਹੈ, ਅਪਰਾਧਿਕ ਘਟਨਾਵਾਂ ਨੂੰ ਰੋਕਣ ਤੇ ਨਸ਼ਿਆਂ ਨੂੰ ਠੱਲ ਪਾਉਣ ਲਈ ਪੁਲਿਸ ਨੂੰ ਜਨਤਾ ਦੇ ਸਾਥ ਦੀ ਅਹਿਮ ਲੋੜ ਹੈ ਕਿਉਂਕਿ ਜਨਤਾ ਦੇ



ਸਾਥ ਤੋਂ ਬਿਨਾਂ ਇਕੱਲੀ ਪੁਲਿਸ ਕੁਝ ਵੀ ਨਹੀਂ ਕਰ ਸਕਦੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਕਿਸੇ ਕਿਸਮ ਦਾ ਜੁਰਮ ਜਾਂ ਨਸ਼ੇ ਦਾ ਵਪਾਰ ਕਰਦਾ ਹੈ ਤਾਂ ਸਾਨੂੰ ਗੁਪਤ ਤੌਰ ਤੇ ਦੱਸੋ,ਤੁਹਾਡਾ ਨਾਮ ਵੀ ਗੁਪਤ ਰੱਖਿਆ ਜਾਊਗਾ। ਉਨ੍ਹਾਂ ਬਾਜ਼ਾਰ ਚ ਦੁਕਾਨਦਾਰਾਂ ਨੂੰ ਚੋਕੀਦਾਰ ਰੱਖਣ ਤੇ ਸੀ,ਸੀ,ਟੀ,ਵੀ, ਕੈਮਰੇ ਲਗਵਾਉਣ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਕੱਲ ਸਾਈਬਰ ਕ੍ਰਾਈਮ ਵੱਧ ਹੋ ਰਿਹਾ ਹੈ। ਕ੍ਰਿਮੀਨਲ ਬੰਦੇ ਭੋਲੇ ਭਾਲੇ ਬੰਦਿਆਂ ਨੂੰ ਗੱਲਾਂ ਵਿੱਚ ਉਲਝਾ ਕੇ ਉਨ੍ਹਾਂ ਨੂੰ ਲਾਲਚ ਦੇ ਕੇ ਖਾਤਿਆਂ ਵਿੱਚੋਂ ਪੈਸੇ ਕੱਢ ਲੈਂਦੇ ਹਨ। ਉਨ੍ਹਾਂ ਕਿਹਾ ਕਿ ਸਾਈਬਰ ਕ੍ਰਾਂਈਬ ਤੋਂ ਸੁਚੇਤ ਹੋਣ ਦੀ ਜ਼ਰੂਰਤ ਹੈ, ਜੇਕਰ ਤੁਹਾਨੂੰ ਕੋਈ ਵਿਅਕਤੀ ਕਿਸੇ ਤਰ੍ਹਾਂ ਦਾ ਬੈਂਕ ਅਧਿਕਾਰੀ ਬਣ ਕੇ ਫੋਨ ਕਰਕੇ ਓ,ਟੀ,ਪੀ, ਜਾਂ ਕੋਈ ਪੁਲਿਸ ਵਾਲਾ ਬਣ ਕੇ ਤੁਹਾਨੂੰ ਨਵੇਂ ਨਵੇਂ ਤਰੀਕਿਆਂ ਨਾਲ ਗੁਮਰਾਹ ਕਰ ਰਿਹਾ ਹੈ ਹੋਵੇ ਤੇ ਡਰਨ ਦੀ ਜ਼ਰੂਰਤ ਨਹੀਂ ਤੁਸੀਂ ਇਸ ਦੀ ਜਾਣਕਾਰੀ ਨੇੜੇ ਦੇ ਪੁਲਿਸ ਸਟੇਸ਼ਨ ਤੇ ਦਿਓ ਅਤੇ ਜੇਕਰ ਤੁਹਾਡੇ ਨਾਲ ਠੱਗੀ ਵੱਜ ਚੁੱਕੀ ਹੋਵੇ ਤਾਂ ਤੁਸੀਂ ਇਸ ਦੀ ਜਾਣਕਾਰੀ ਸਾਈਬਰ ਕ੍ਰਾਈਮ ਨੰਬਰ 1930 ਤੇ ਦਿਓ । ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕੋਲ ਨਸ਼ਿਆਂ ਦੀ ਵਿਕਰੀ ਜਾ ਗੈਰ ਕਾਨੂੰਨੀ ਗਤੀਵਿਧੀਆਂ ਬਾਰੇ ਜਾਣਕਾਰੀ ਹੋਵੇ ਤਾਂ ਤੁਸੀਂ ਇਸ ਨੂੰ ਬਿਨ੍ਹਾਂ ਕਿਸੇ ਡਰ ਭੈਅ ਤੋਂ ਸ੍ਰੀ ਮੁਕਤਸਰ ਸਾਹਿਬ ਪੁਲਿਸ ਹੈਲਪ ਲਾਈਨ ਨੰਬਰ 80549-42100 ਅਤੇ ਪੰਜਾਬ ਪੁਲਿਸ ਚੰਡੀਗੜ ਦੇ ਹੈਲਪ ਲਾਈਨ ਨੰਬਰ 97791-00200 ਤੇ ਸਾਂਝੀ ਕਰੋਂ। ਜਾਣਕਾਰੀ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LL.B. • B.COM. LLB • BBA.LL.B. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565